ਸਤਿਗੁਰੂ

(ਲੇਖਕ: ਭਾਈ ਜੋਧ ਸਿੰਘ)

ਜਪੁਜੀ ਸਾਹਿਬ ਦੇ ਮੂਲ ਮੰਤਰ ਵਿੱਚ ਨਿਰੰਕਾਰ ਦਾ ਸਰੂਪ ਦੱਸਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਫੁਰਮਾਇਆ ਹੈ ਕਿ ਨਿਰੰਕਾਰ ''ਗੁਰ ਪ੍ਰਸਾਦਿ'' ਭਾਵ ਗੁਰੂ ਦੀ ਕ੍ਰਿਪਾ ਦੁਆਰਾ ਪ੍ਰਾਪਤ ਹੁੰਦਾ ਹੈ। ਆਸਾ ਦੀ ਵਾਰ ਵਿੱਚ ਆਪ ਦਾ ਫੁਰਮਾਨ ਹੈ ਕਿ ਇਹ ਜੀਵ ਜਦੋਂ ਜਨਮਾਂ ਜਨਮਾਤ੍ਰਾਂ ਵਿੱਚ ਫਿਰ ਕੇ ਨਿਰੰਕਾਰ ਦੀ ਮਿਹਰ ਦਾ ਪਾਤਰ ਬਣਦਾ ਹੈ ਤਾਂ ਸਤਿਗੁਰੂ ਦਾ ਮੇਲ ਹੁੰਦਾ ਹੈ।

– ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ॥
ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ॥
ਸਤਿਗੁਰ ਜੇਵਡੁ ਦਾਤਾ ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ॥
ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ੀ ਵਿਚਹੁ ਆਪੁ ਗਵਾਇਆ॥ (੪੬੫)

– ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ॥
ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ॥
ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ॥
ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ॥ ਜਗਜੀਵਨੁ ਦਾਤਾ ਪਾਇਆ॥ (੪੬੬)

– ਪ੍ਰਭੁ ਹਰਿਮੰਦਰੁ ਸੋਹਣਾ ਤਿਸੁ ਮਹਿ ਮਾਣਕ ਲਾਲ॥ ਮੋਤੀ ਹੀਰਾ ਨਿਰਮਲਾ ਕੰਚਨ ਕੋਟ ਰੀਸਾਲ॥
ਬਿਨੁ ਪਉੜੀ ਗੜਿ ਕਿਉ ਚੜਉ ਗੁਰ ਹਰਿ ਧਿਆਨ ਨਿਹਾਲ॥
ਗੁਰੁ ਪਉੜੀ ਬੇੜੀ ਗੁਰੂ ਗੁਰੁ ਤੁਲਹਾ ਹਰਿ ਨਾਉ॥ ਗੁਰੁ ਸਰੁ ਸਾਗਰੁ ਬੋਹਿਥੋ ਗੁਰੁ ਤੀਰਥੁ ਦਰੀਆਉ॥
ਜੇ ਤਿਸੁ ਭਾਵੈ ਊਜਲੀ ਸਤ ਸਰਿ ਨਾਵਣ ਜਾਉ॥ (੧੭)

ਇਨ੍ਹਾਂ ਗੁਰੂ ਸ਼ਬਦਾਂ ਤੋਂ ਸਾਫ਼ ਪ੍ਰਗਟ ਹੈ ਕਿ ਸਤਿਗੁਰੂ ਗੁਰੂ ਨਾਨਕ ਦੇਵ ਜੀ ਨੇ ਇਸ ਸਿਧਾਂਤ ਨੂੰ ਉਪਦੇਸ਼ਿਆ ਅਤੇ ਫਿਰ ਬਾਕੀ ਸਤਿਗੁਰਾਂ ਨੇ ਇਸਦੀ ਵਿਆਖਿਆ ਅਤੇ ਪ੍ਰੌੜਤਾ ਕਰਦੇ ਰਹੇ।

– ਇਸੁ ਗੁਫਾ ਮਹਿ ਅਖੁਟ ਭੰਡਾਰਾ॥ ਤਿਸੁ ਵਿਚਿ ਵਸੈ ਹਰਿ ਅਲਖ ਅਪਾਰਾ॥
ਆਪੇ ਗੁਪਤੁ ਪਰਗਟੁ ਹੈ ਆਪੇ ਗੁਰ ਸਬਦੀ ਆਪੁ ਵੰਞਾਵਣਿਆ॥
ਹਉ ਵਾਰੀ ਜੀਉ ਵਾਰੀ ਅੰਮ੍ਰਿਤ ਨਾਮੁ ਮੰਨਿ ਵਸਾਵਣਿਆ॥
ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰਮਤੀ ਅੰਮ੍ਰਿਤੁ ਪੀਆਵਣਿਆ॥ਰਹਾਉ॥
ਹਉਮੈ ਮਾਰਿ ਬਜਰ ਕਪਾਟ ਖੁਲਾਇਆ॥ ਨਾਮੁ ਅਮੋਲਕੁ ਗੁਰ ਪਰਸਾਦੀ ਪਾਇਆ॥
ਬਿਨੁ ਸਬਦੈ ਨਾਮੁ ਨ ਪਾਏ ਕੋਈ ਗੁਰ ਕਿਰਪਾ ਮੰਨਿ ਵਸਾਵਣਿਆ॥
ਗੁਰ ਗਿਆਨ ਅੰਜਨੁ ਸਚੁ ਨੇਤ੍ਰੀ ਪਾਇਆ॥ ਅੰਤਰਿ ਚਾਨਣੁ ਅਗਿਆਨੁ ਅੰਧੇਰੁ ਗਵਾਇਆ॥
ਜੋਤੀ ਜੋਤਿ ਮਿਲੀ ਮਨੁ ਮਾਨਿਆ ਹਰਿ ਦਰਿ ਸੋਭਾ ਪਾਵਣਿਆ॥
ਸਰੀਰਹੁ ਭਾਲਣਿ ਕੋ ਬਾਹਰਿ ਜਾਏ॥ ਨਾਮੁ ਨ ਲਹੈ ਬਹੁਤੁ ਵੇਗਾਰਿ ਦੁਖੁ ਪਾਏ॥
ਮਨਮੁਖ ਅੰਧੇ ਸੂਝੈ ਨਾਹੀ ਫਿਰਿ ਘਿਰਿ ਆਇ ਗੁਰਮੁਖਿ ਵਥੁ ਪਾਵਣਿਆ॥
ਗੁਰ ਪਰਸਾਦੀ ਸਚਾ ਹਰਿ ਪਾਏ॥ ਮਨਿ ਤਨਿ ਵੇਖੈ ਹਉਮੈ ਮੈਲੁ ਜਾਏ॥
ਬੈਸਿ ਸੁਥਾਨਿ ਸਦ ਹਰਿ ਗੁਣ ਗਾਵੈ ਸਚੈ ਸਬਦਿ ਸਮਾਵਣਿਆ॥
ਨਉ ਦਰ ਠਾਕੇ ਧਾਵਤੁ ਰਹਾਏ॥ ਦਸਵੈ ਨਿਜ ਘਰਿ ਵਾਸਾ ਪਾਏ॥

ਓਥੈ ਅਨਹਦ ਸਬਦ ਵਜਹਿ ਦਿਨੁ ਰਾਤੀ ਗੁਰਮਤੀ ਸਬਦੁ ਸੁਣਾਵਣਿਆ॥
ਬਿਨੁ ਸਬਦੈ ਅੰਤਰਿ ਆਨੇਰਾ॥ ਨ ਵਸਤੁ ਲਹੈ ਨ ਚੁਕੈ ਫੇਰਾ॥
ਸਤਿਗੁਰ ਹਥਿ ਕੁੰਜੀ ਹੋਰਤੁ ਦਰੁ ਖੁਲੈ ਨਾਹੀ ਗੁਰੁ ਪੂਰੈ ਭਾਗਿ ਮਿਲਾਵਣਿਆ॥
ਗੁਪਤੁ ਪਰਗਟੁ ਤੂੰ ਸਭਨੀ ਥਾਈ॥ ਗੁਰ ਪਰਸਾਦੀ ਮਿਲਿ ਸੋਝੀ ਪਾਈ॥
ਨਾਨਕ ਨਾਮੁ ਸਾਲਾਹਿ ਸਦਾ ਤੂੰ ਗੁਰਮੁਖਿ ਮੰਨਿ ਵਸਾਵਣਿਆ॥ (੧੨੪)

- ਹਰਿ ਕੀ ਕੀਮਤਿ ਕਿਨ ਬਿਧਿ ਹੋਇ॥
ਹਰਿ ਅਪਰੰਪਰੁ ਅਗਮ ਅਗੋਚਰੁ ਗੁਰ ਕੈ ਸਬਦਿ ਮਿਲੈ ਜਨੁ ਕੋਇ॥(੩੬੧)

- ਦਹ ਦਿਸ ਖੋਜਤ ਹਮ ਫਿਰੇ ਮੇਰੇ ਲਾਲ ਜੀਉ ਹਰਿ ਪਾਇਅੜਾ ਘਰਿ ਆਏ ਰਾਮ॥
ਹਰਿ ਮੰਦਰੁ ਹਰਿ ਜੀਉ ਸਾਜਿਆ ਮੇਰੇ ਲਾਲ ਜੀਉ ਹਰਿ ਤਿਸੁ ਮਹਿ ਰਹਿਆ ਸਮਾਏ ਰਾਮ॥
ਸਰਬੇ ਸਮਾਣਾ ਆਪਿ ਸੁਆਮੀ ਗੁਰਮੁਖਿ ਪਰਗਟੁ ਹੋਇਆ॥
ਮਿਟਿਆ ਅਧੇਰਾ ਦੂਖੁ ਨਾਠਾ ਅਮਿਉ ਹਰਿ ਰਸੁ ਚੋਇਆ॥
ਜਹਾ ਦੇਖਾ ਤਹਾ ਸੁਆਮੀ ਪਾਰਬ੍ਰਹਮੁ ਸਭ ਠਾਏ॥
ਜਨੁ ਕਹੈ ਨਾਨਕੁ ਸਤਿਗੁਰਿ ਮਿਲਾਇਆ ਹਰਿ ਪਾਇਅੜਾ ਘਰਿ ਆਏ॥ (੫੪੨)

- ਬਿਨੁ ਸਤਿਗੁਰ ਨਾਮੁ ਨ ਪਾਈਐ ਭਾਈ ਬਿਨੁ ਨਾਮੈ ਭਰਮੁ ਨ ਜਾਈ॥
ਸਤਿਗੁਰੁ ਸੇਵੇ ਤਾ ਸੁਖੁ ਪਾਏ ਭਾਈ ਆਵਣੁ ਜਾਣੁ ਰਹਾਈ॥
ਸਾਚੁ ਸਹਜੁ ਗੁਰ ਤੇ ਊਪਜੈ ਭਾਈ ਮਨੁ ਨਿਰਮਲੁ ਸਾਚਿ ਸਮਾਈ॥
ਗੁਰੁ ਸੇਵੇ ਸੋ ਬੂਝੈ ਭਾਈ ਗੁਰ ਬਿਨੁ ਮਗੁ ਨ ਪਾਈ॥ (੬੩੫)

- ਭਉਜਲੁ ਬਿਖਮੁ ਅਸਗਾਹੁ ਗੁਰਿ ਬੋਹਿਥੈ ਤਾਰਿਅਮੁ॥ ਨਾਨਕ ਪੂਰ ਕਰੰਮ ਸਤਿਗੁਰ ਚਰਣੀ ਲਗਿਆ॥ (੭੧੦)

- ਜੇ ਕੋ ਗੁਰ ਤੇ ਵੇਮੁਖੁ ਹੋਵੈ ਬਿਨੁ ਸਤਿਗੁਰ ਮੁਕਤਿ ਨ ਪਾਵੈ॥
ਪਾਵੈ ਮੁਕਤਿ ਨ ਹੋਰ ਥੈ ਕੋਈ ਪੁਛਹੁ ਬਿਬੇਕੀਆ ਜਾਏ॥
ਅਨੇਕ ਜੂਨੀ ਭਰਮਿ ਆਵੈ ਵਿਣੁ ਸਤਿਗੁਰ ਮੁਕਤਿ ਨ ਪਾਏ॥
ਫਿਰਿ ਮੁਕਤਿ ਪਾਏ ਲਾਗਿ ਚਰਣੀ ਸਤਿਗੁਰੂ ਸਬਦੁ ਸੁਣਾਏ॥
ਕਹੈ ਨਾਨਕੁ ਵੀਚਾਰਿ ਦੇਖਹੁ ਵਿਣੁ ਸਤਿਗੁਰ ਮੁਕਤਿ ਨ ਪਾਏ॥ (੯੨੦)

- ਮਤ ਕੋ ਭਰਮਿ ਭੁਲੈ ਸੰਸਾਰਿ॥ ਗੁਰ ਬਿਨੁ ਕੋਇ ਨ ਉਤਰਸਿ ਪਾਰਿ॥ਰਹਾਉ॥.....
ਗੁਰੁ ਕਰਤਾ ਗੁਰੁ ਕਰਣੈ ਜੋਗੁ॥ ਗੁਰੁ ਪਰਮੇਸਰੁ ਹੈ ਭੀ ਹੋਗੁ॥
ਕਹੁ ਨਾਨਕ ਪ੍ਰਭਿ ਇਹੈ ਜਨਾਈ॥ ਬਿਨੁ ਗੁਰ ਮੁਕਤਿ ਨ ਪਾਈਐ ਭਾਈ॥ (੮੬੪)

- ਗੁਰ ਸਰਣਿ ਨ ਆਈਐ ਬ੍ਰਹਮੁ ਨ ਪਾਈਐ॥ ਭਰਮਿ ਭੁਲਾਈਐ ਜਨਮਿ ਮਰਿ ਆਈਐ॥
ਜਮ ਦਰਿ ਬਾਧਉ ਮਰੈ ਬਿਕਾਰੁ॥ ਨਾ ਰਿਦੈ ਨਾਮੁ ਨ ਸਬਦੁ ਅਚਾਰੁ॥ (੯੦੪)

- ਜਾ ਕੈ ਮਨਿ ਗੁਰ ਕੀ ਪਰਤੀਤਿ॥ ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ॥ (੨੮੩)

- ਏਕ ਮਹਿ ਸਰਬ ਸਰਬ ਮਹਿ ਏਕਾ ਏਹ ਸਤਿਗੁਰਿ ਦੇਖਿ ਦਿਖਾਈ॥
ਜਿਨਿ ਕੀਏ ਖੰਡ ਮੰਡਲ ਬ੍ਰਹਮੰਡਾ ਸੋ ਪ੍ਰਭੁ ਲਖਨੁ ਨ ਜਾਈ॥
ਦੀਪਕ ਤੇ ਦੀਪਕੁ ਪਰਗਾਸਿਆ ਤ੍ਰਿਭਵਣ ਜੋਤਿ ਦਿਖਾਈ॥ਸਚੈ ਤਖਤਿ ਸਚ ਮਹਲੀ ਬੈਠੇ ਨਿਰਭਉ ਤਾੜੀ ਲਾਈ॥
ਮੋਹਿ ਗਇਆ ਬੈਰਾਗੀ ਜੋਗੀ ਘਟਿ ਘਟਿ ਕਿੰਗੁਰੀ ਵਾਈ॥

ਨਾਨਕ ਸਰਣਿ ਪ੍ਰਭੂ ਕੀ ਛੂਟੇ ਸਤਿਗੁਰ ਸਚੁ ਸਖਾਈ॥ (੯੦੭)

– ਹੇਕੋ ਪਾਧਰੁ ਹੇਕੁ ਦਰੁ ਗੁਰ ਪਉੜੀ ਨਿਜ ਥਾਨੁ॥ ਰੂੜਉ ਠਾਕੁਰੁ ਨਾਨਕਾ ਸਭਿ ਸੁਖ ਸਾਚਉ ਨਾਮੁ॥ (੧੨੭੯)

ਪਹਿਲਾ ਪ੍ਰਸ਼ਨ ਇਹ ਪੈਦਾ ਹੁੰਦਾ ਹੈ ਕਿ ਮਨੁੱਖ ਆਪਣੀ ਵਿਚਾਰ ਦੁਆਰਾ ਕਿਉਂ ਨਹੀਂ ਛੁੱਟ ਸਕਦਾ? ਗੁਰੂ ਦੀ ਲੋੜ ਹੀ ਕੀ ਹੈ? ਸਾਡੇ ਅੰਦਰ ਇਹ ਭੁਲੇਖਾ ਬਣਿਆ ਹੋਇਆ ਹੈ ਕਿ ਮਨੁੱਖ ਵਿਚਾਰ ਵਾਲਾ ਜੀਵ ਹੈ ਤੇ ਹਰ ਕੰਮ ਕਰਨ ਲੱਗਿਆਂ ਇਹ ਵਿਚਾਰ ਦੇ ਆਸਰੇ ਤੁਰਦਾ ਹੈ। ਪਰ ਇਹ ਵਿਚਾਰ ਗਲਤ ਹੈ। ਮਨੁੱਖ ਸੁਭਾਅ ਦੇ ਆਸਰੇ ਤੁਰਦਾ ਹੈ, ਵਿਚਾਰ ਦੇ ਆਸਰੇ ਨਹੀਂ। ਵਿਚਾਰ ਨੂੰ ਜ਼ਿਆਦਾਤਰ ਮਨੁੱਖ ਆਪਣੀ ਸੁਭਾਵਿਕ ਕਿਰਿਆ ਨੂੰ ਠੀਕ ਸਿੱਧ ਕਰਨ ਲਈ ਵਰਤਦਾ ਹੈ। ਭਾਵ, ਕਿਰਿਆ ਦੀ ਨੀਂਹ ਤਾਂ ਕਾਮ, ਕ੍ਰੋਧ ਆਦਿ ਦੇ ਆਸਰੇ ਹੁੰਦੀ ਹੈ ਪਰ ਆਪਣੇ ਕਰਮਾਂ ਨੂੰ ਠੀਕ ਸਾਬਤ ਕਰਨ ਲਈ ਮਨੁੱਖ ਵਿਚਾਰ ਦਾ ਪਰਦਾ ਉਨ੍ਹਾਂ ਤੇ ਪਾਉਂਦਾ ਹੈ। ਦੂਜੀ ਗੱਲ ਇਹ ਹੈ ਕਿ ਮਨੁੱਖ ਦੀ ਵਿਚਾਰ ਉਸਦੇ ਤਜਰਬੇ ਤੋਂ ਅੱਗੇ ਨਹੀਂ ਵਧ ਸਕਦੀ। ਜਿਨ੍ਹਾਂ ਹਾਲਤਾਂ ਵਿੱਚ ਮਨੁੱਖ ਜੀਵਨ ਬਿਤਾਉਂਦਾ ਹੈ ਮਨ ਉਹੋ ਜਿਹਾ ਬਣ ਜਾਂਦਾ ਹੈ ਤੇ ਆਪਣੀਆਂ ਪਈਆਂ ਹੋਈਆਂ ਲੀਹਾਂ ਤੋਂ ਉੱਪਰ ਨਹੀਂ ਉੱਠ ਸਕਦਾ। ਆਮ ਤੌਰ 'ਤੇ ਮਨੁੱਖ ਦੀ ਵਿਚਾਰ ਖੁਦੀ ਦੀਆਂ ਲੀਹਾਂ ਤੋਂ ਬਾਹਰ ਨਹੀਂ ਜਾ ਸਕਦੀ। ਜ਼ਰੂਰੀ ਹੈ ਕਿ ਉਸਦੇ ਅੱਗੇ ਕੋਈ ਅਜਿਹੀ ਹਸਤੀ ਹੋਵੇ ਜਿਸ ਨੇ ਦੂਜੇ ਅਰਥਾਤ ਆਤਮਿਕ ਜੀਵਨ ਦਾ ਸੁੱਖ ਮਾਣਿਆ ਹੋਵੇ ਤੇ ਮਨੁੱਖ ਉਸਦੇ ਉੱਪਰ ਯਕੀਨ ਲਿਆਵੇ ਤੇ ਉਹ ਕਾਰ ਕਰੇ ਜੋ ਉਸਨੇ ਦੱਸੀ ਹੈ। ਸਿੱਖੀ ਬੋਲੇ ਵਿੱਚ ਮਨੁੱਖ ਮਨਮੱਤ ਨੂੰ ਛੱਡ ਕੇ ਗੁਰਮਤਿ ਨੂੰ ਗ੍ਰਹਿਣ ਕਰੇ ਫਿਰ ਉਸਦਾ ਨਵਾਂ ਜੀਵਨ ਅਰੰਭ ਹੁੰਦਾ ਹੈ। ਪਿਛਲੇ ਕਰਮਾਂ ਦੇ ਸੰਸਕਾਰਾਂ ਤੋਂ ਜੋ ਸੁਭਾਅ ਬਣੇ ਸਨ ਤੇ ਜਿਨ੍ਹਾਂ ਦੇ ਵੱਸ ਵਿੱਚ ਇਹ ਨੱਚਦਾ ਫਿਰਦਾ ਸੀ, ਉਹ ਮੱਠੇ ਪੈ ਜਾਂਦੇ ਹਨ ਤੇ ਹੌਲੀ ਹੌਲੀ ਨਵੇਂ ਸੁਭਾਅ ਤਕੜੇ ਹੋ ਕੇ ਇਨ੍ਹਾਂ ਤੇ ਪਰਬਲ ਹੋ ਜਾਂਦੇ ਹਨ, ਬਿਨਾਂ ਇਸਦੇ ਹੋਰ ਕੋਈ ਰਾਹ ਨਹੀਂ।

ਗੁਰਮਤਿ ਦੇ ਪ੍ਰਚਾਰ ਤੋਂ ਪਹਿਲਾਂ ਸਾਡੇ ਦੇਸ਼ ਵਿੱਚ ਇਹ ਮੰਨਿਆ ਜਾਂਦਾ ਸੀ ਕਿ ਜਦੋਂ ਮਨੁੱਖਾਂ ਵਿੱਚ ਅਗਿਆਨ ਵਧ ਜਾਂਦਾ ਹੈ ਤੇ ਧਰਮ ਅਲੋਪ ਹੋ ਜਾਂਦਾ ਹੈ, ਮੁੜ ਰਸਤਾ ਦੱਸਣ ਲਈ ਤੇ ਧਰਮ ਪ੍ਰਗਟ ਕਰਨ ਲਈ ਪ੍ਰਮੇਸ਼ਰ ਕੋਈ ਅਵਤਾਰ ਧਾਰਦਾ ਹੈ। ਗੁਰਮਤਿ ਨੇ ਨਿਰੰਕਾਰ ਨੂੰ ਅਜੋਨੀ ਮੰਨਿਆ ਹੈ। ਇਸ ਲਈ ਸਿੱਖੀ ਨਿਸ਼ਚੇ ਅਨੁਸਾਰ ਅਜਿਹੇ ਸਮੇਂ ਵਿੱਚ "ਗੁਰੂ" ਪ੍ਰਗਟ ਹੁੰਦਾ ਹੈ। ਭਾਈ ਗੁਰਦਾਸ ਜੀ ਦਾ ਕਥਨ ਹੈ:

– ਬਾਝੁ ਗੁਰੂ ਅੰਧੇਰੁ ਹੈ ਖਹਿ ਖਹਿ ਮਰਦੇ ਬਹੁ ਬਿਧਿ ਲੋਆ॥
ਵਰਤਿਆ ਪਾਪੁ ਜਗਤ੍ਰਿ ਤੇ ਧਉਲੁ ਉਡੀਣਾ ਨਿਸਿ ਦਿਨਿ ਰੋਆ॥
ਬਾਝੁ ਦਇਆ ਬਲਹੀਣ ਹੋਉ ਨਿਘਰੁ ਚਲੌ ਰਸਾਤਲਿ ਟੋਆ॥
ਖੜਾ ਇਕਤੇ ਪੈਰਿ ਤੇ ਪਾਪ ਸੰਗਿ ਬਹੁ ਭਾਰਾ ਹੋਆ॥
ਥੰਮੇ ਕੋਇ ਨ ਸਾਧੁ ਬਿਨੁ ਸਾਧੁ ਨ ਦਿਸੈ ਜਗਿ ਵਿਚਿ ਕੋਆ॥ (ਵਾਰ ੧, ਪਉੜੀ ੨੨)

ਇਸ ਪ੍ਰਕਾਰ ਨੂੰ ਨਿਰੰਕਾਰ ਨੇ ਸੁਣਿਆ ਅਤੇ

– ਸੁਣੀ ਪੁਕਾਰਿ ਦਾਤਾਰ ਪ੍ਰਭੁ ਗੁਰੁ ਨਾਨਕ ਜਗ ਮਾਹਿ ਪਠਾਇਆ॥ (ਵਾਰ ੧, ਪਉੜੀ ੨੩)

ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਘੱਲਿਆ ਜਿਨ੍ਹਾਂ ਆ ਕੇ ਧਰਮ ਨੂੰ ਮੁੜ ਪ੍ਰਗਟ ਕੀਤਾ। ਦਸਮ ਪਿਤਾ ਵੀ ਇਹੋ ਗੱਲ ਬਚਿਤ੍ਰ ਨਾਟਕ ਵਿੱਚ ਦੱਸਦੇ ਹਨ ਕਿ ਨਿਰੰਕਾਰ ਨੇ ਸਾਨੂੰ **"ਪੰਥ ਪ੍ਰਚੁਰ ਕਰਬੇ ਕੋ ਸਾਜਾ"**, ਰਸਤਾ ਪ੍ਰਗਟ ਕਰਨ ਲਈ ਸਾਜਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਫੁਰਮਾਨ ਹੈ:

– ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ॥
ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ॥ (੭੪੯)

ਉਪਰਲੇ ਵਾਕਾਂ ਤੋਂ ਇਹ ਸਿੱਟਾ ਨਿਕਲਦਾ ਹੈ ਕਿ "ਗੁਰੂ" ਪਦ ਸਿੱਖ ਧਰਮ ਵਿੱਚ ਉਨ੍ਹਾਂ ਅਰਥਾਂ ਵਿੱਚ ਵਰਤਿਆ ਗਿਆ ਹੈ ਜਿਨ੍ਹਾਂ ਵਿੱਚ ਪਹਿਲਾਂ "ਅਵਤਾਰ" ਵਰਤਿਆ ਜਾਂਦਾ ਸੀ। ਇਸ ਦਾ ਭਾਵ ਉਨ੍ਹਾਂ ਖ਼ਾਸ ਹਸਤੀਆਂ ਤੋਂ ਹੈ ਜੋ ਨਿਰੰਕਾਰ ਵੱਲੋਂ ਧਰਮ ਨੂੰ ਮੁੜ ਪ੍ਰਗਟ ਕਰਨ ਲਈ ਘਲੀਆਂ ਗਈਆਂ। "ਗੁਰੂ" ਪਦ ਦਾ ਉਹ

ਅਰਥ ਨਹੀਂ ਜਿਸ ਵਿੱਚ ਸਿੱਖੀ ਤੋਂ ਪਹਿਲਾਂ ਆਮ ਹਿੰਦੂ ਇਸਨੂੰ ਵਰਤਦੇ ਸਨ। ਹਰ ਇੱਕ ਹਿੰਦੂ ਆਪਣੀ ਆਤਮਿਕ ਉੱਨਤੀ ਲਈ ਕਿਸੇ ਭਲੇ ਪੁਰਖ ਨੂੰ ਆਪਣਾ ਗੁਰੂ ਧਾਰਦਾ ਸੀ। ਅਜਿਹੇ ਗੁਰੂ ਦੇਸ਼ ਵਿੱਚ ਛੱਡੋ, ਇੱਕ ਪ੍ਰੀਵਾਰ ਵਿੱਚ ਕਈ ਵਾਰ ਅਨੇਕਾਂ ਦੀ ਗਿਣਤੀ ਵਿੱਚ ਹੁੰਦੇ ਸਨ ਜੋ ਇਹ ਦਾਅਵਾ ਨਹੀਂ ਸਨ ਕਰਦੇ ਕਿ ਉਹ ਖ਼ਾਸ ਤੌਰ 'ਤੇ ਨਿਰੰਕਾਰ ਵੱਲੋਂ ਘੱਲੇ ਗਏ ਸਨ। ਇਸ ਫ਼ਰਕ ਨੂੰ ਨਾ ਸਮਝਣਾ ਕਈ ਸਿੱਖਾਂ ਲਈ ਵੱਡੇ ਭੁਲੇਖੇ ਦਾ ਕਾਰਨ ਬਣ ਰਿਹਾ ਹੈ।

ਇੱਕ ਹੋਰ ਨੁਕਤਾ ਨਿਗਾਹ ਵੀ ਉਪਰਲੀ ਵਿਚਾਰ ਤੇ ਚਾਨਣਾ ਪਾਉਂਦਾ ਹੈ। ਜਿਤਨੇ ਵੀ ਦੇਹਧਾਰੀ ਗੁਰੂ ਅੱਜ ਕੱਲ੍ਹ ਵਿਚਰ ਰਹੇ ਹਨ ਉਨ੍ਹਾਂ ਕਿਸੇ ਨਾ ਕਿਸੇ ਮਨੁੱਖ ਪਾਸੋਂ ਉਪਦੇਸ਼ ਲਿਆ ਹੈ। ਪਰ ਗੁਰੂ ਨਾਨਕ ਦੇਵ ਜੀ ਦਾ ਕੋਈ ਮਨੁੱਖ ਗੁਰੂ ਨਹੀਂ ਸੀ।

– ਤਤੁ ਨਿਰੰਜਨੁ ਜੋਤਿ ਸਬਾਈ ਸੋਹੰ ਭੇਦੁ ਨ ਕੋਈ ਜੀਉ॥
ਅਪਰੰਪਰ ਪਾਰਬ੍ਰਹਮੁ ਪਰਮੇਸਰੁ ਨਾਨਕ ਗੁਰੁ ਮਿਲਿਆ ਸੋਈ ਜੀਉ॥ (੫੯੯)

ਦਸਮ ਪਿਤਾ ਦਾ ਵੀ ਇਹੋ ਫੁਰਮਾਨ ਹੈ:

– ਆਦਿ ਅੰਤਿ ਏਕੈ ਅਵਤਾਰਾ॥ ਸੋਈ ਗੁਰੂ ਸਮਝਿਯਹੁ ਹਮਾਰਾ॥ (ਚੌਪਈ ਪਾ: ੧੦)

ਸਪੱਸ਼ਟ ਹੈ ਕਿ ਨਿਰੰਕਾਰ ਵੱਲੋਂ ਦਾਤ ਦੇ ਕੇ ਜੋ ਪੁਰਖ ਸੰਸਾਰ ਵਿੱਚ ਧਰਮ ਪ੍ਰਗਟ ਕਰਨ ਲਈ ਘੱਲੇ ਗਏ ਸਿੱਖ ਧਰਮ ਵਿੱਚ ''ਗੁਰੂ'' ਪਦ ਉਨ੍ਹਾਂ ਲਈ ਹੀ ਰਾਖਵਾਂ ਹੈ।

ਸੰਸਾਰ ਵਿੱਚ ਇਤਨੇ ਪੁਰਖ ਨਿਰੰਕਾਰ ਵੱਲੋਂ ਘੱਲੇ ਗਏ ਹੋਣ ਅਤੇ ਇਤਨੇ ਮੱਤ ਮਤਾਂਤਰ ਨਿਰੰਕਾਰ ਦਾ ਰਾਹ ਦੱਸਣ ਦਾ ਦਾਅਵਾ ਕਰਦੇ ਹੋਣ ਤਾਂ ਇੱਕ ਜਗਿਆਸੂ ਪਰਖ ਕਰਨ ਲੱਗਿਆਂ ਘਾਬਰ ਜਾਂਦਾ ਹੈ। ਸਤਿਗੁਰਾਂ ਨੇ ਕਿਰਪਾ ਕਰਕੇ ਗੁਰਬਾਣੀ ਰਾਹੀਂ ਗੁਰੂ ਦੇ ਲੱਛਣ ਦੱਸ ਕੇ ਜਗਿਆਸੂ ਦੀ ਸਹਾਇਤਾ ਕਰਨ ਦਾ ਉਪਰਾਲਾ ਕੀਤਾ ਹੈ। ਪਹਿਲਾ ਲੱਛਣ ਇਹ ਦੱਸਿਆ ਹੈ ਕਿ ਜਿਸ ਨਿਰੰਕਾਰ ਨਾਲ ਸਿੱਖ ਨੂੰ ਗੁਰੂ ਨੇ ਜੋੜਨਾ ਹੈ ਉਸਦੇ ਨਾਲ ਗੁਰੂ ਆਪ ਅਭੇਦ ਹੋਵੇ।

– ਸਤਿ ਪੁਰਖੁ ਜਿਨਿ ਜਾਨਿਆ ਸਤਿਗੁਰੁ ਤਿਸ ਕਾ ਨਾਉ॥
ਤਿਸ ਕੈ ਸੰਗਿ ਸਿਖੁ ਉਧਰੈ ਨਾਨਕ ਹਰਿ ਗੁਨ ਗਾਉ॥ (੨੮੬)

– ਬ੍ਰਹਮੁ ਬਿੰਦੇ ਸੋ ਸਤਿਗੁਰੁ ਕਹੀਐ ਹਰਿ ਹਰਿ ਕਥਾ ਸੁਣਾਵੈ॥ (੧੨੬੪)

– ਵਾਹੁ ਵਾਹੁ ਸਤਿਗੁਰੁ ਪੁਰਖੁ ਹੈ ਜਿਨਿ ਸਚੁ ਜਾਤਾ ਸੋਇ॥ ਜਿਤੁ ਮਿਲਿਐ ਤਿਖ ਉਤਰੈ ਤਨੁ ਮਨ ਸੀਤਲੁ ਹੋਇ॥
ਵਾਹੁ ਵਾਹੁ ਸਤਿਗੁਰੁ ਸਤਿ ਪੁਰਖੁ ਹੈ ਜਿਸ ਨੋ ਸਮਤੁ ਸਭ ਕੋਇ॥
ਵਾਹੁ ਵਾਹੁ ਸਤਿਗੁਰੁ ਨਿਰਵੈਰੁ ਹੈ ਜਿਸੁ ਨਿੰਦਾ ਉਸਤਤਿ ਤੁਲਿ ਹੋਇ॥
ਵਾਹੁ ਵਾਹੁ ਸਤਿਗੁਰੁ ਸੁਜਾਣੁ ਹੈ ਜਿਸੁ ਅੰਤਰਿ ਬ੍ਰਹਮੁ ਵੀਚਾਰੁ॥
ਵਾਹੁ ਵਾਹੁ ਸਤਿਗੁਰੁ ਨਿਰੰਕਾਰੁ ਹੈ ਜਿਸੁ ਅੰਤੁ ਨ ਪਾਰਾਵਾਰੁ॥
ਵਾਹੁ ਵਾਹੁ ਸਤਿਗੁਰੂ ਹੈ ਜਿ ਸਚੁ ਦ੍ਰਿੜਾਏ ਸੋਇ॥
ਨਾਨਕ ਸਤਿਗੁਰ ਵਾਹੁ ਵਾਹੁ ਜਿਸ ਤੇ ਨਾਮੁ ਪਰਾਪਤਿ ਹੋਇ॥ (੧੪੨੧)

– ਤਿਸੁ ਮਿਲੀਐ ਸਤਿਗੁਰ ਸਜਣੈ ਜਿਸੁ ਅੰਤਰਿ ਹਰਿ ਗੁਣਕਾਰੀ॥
ਤਿਸੁ ਮਿਲੀਐ ਸਤਿਗੁਰ ਪ੍ਰੀਤਮੈ ਜਿਨਿ ਹੰਉਮੈ ਵਿਚਹੁ ਮਾਰੀ॥
ਸੋ ਸਤਿਗੁਰੁ ਪੂਰਾ ਧਨੁ ਧੰਨੁ ਹੈ ਜਿਨਿ ਹਰਿ ਉਪਦੇਸੁ ਦੇ ਸਭ ਸ੍ਰਿਸ੍ਰਿ ਸਵਾਰੀ॥ (੫੮੬)

– ਨਾਮਿ ਰਤਾ ਸਤਿਗੁਰੂ ਹੈ ਕਲਿਜੁਗ ਬੋਹਿਥੁ ਹੋਇ॥ ਗੁਰਮੁਖਿ ਹੋਵੈ ਸੁ ਪਾਰਿ ਪਵੈ ਜਿਨਾ ਅੰਦਰਿ ਸਚਾ ਸੋਇ॥
ਨਾਮੁ ਸਮ੍ਾਲੇ ਨਾਮੁ ਸੰਗ੍ਰਹੈ ਨਾਮੇ ਹੀ ਪਤਿ ਹੋਇ॥ ਨਾਨਕ ਸਤਿਗੁਰੁ ਪਾਇਆ ਕਰਮਿ ਪਰਾਪਤਿ ਹੋਇ॥ (੫੫੨)
– ਸਚੁ ਸਚਾ ਸਭ ਦੂ ਵਡਾ ਹੈ ਸੋ ਲਏ ਜਿਸੁ ਸਤਿਗੁਰੁ ਟਿਕੇ॥
ਸੋ ਸਤਿਗੁਰੁ ਜਿ ਸਚੁ ਧਿਆਇਦਾ ਸਚੁ ਸਚਾ ਸਤਿਗੁਰੁ ਇਕੇ॥
ਸੋਈ ਸਤਿਗੁਰੁ ਪੁਰਖੁ ਹੈ ਜਿਨਿ ਪੰਜੇ ਦੂਤ ਕੀਤੇ ਵਸਿ ਛਿਕੇ॥
ਜਿ ਬਿਨੁ ਸਤਿਗੁਰ ਸੇਵੇ ਆਪੁ ਗਣਾਇਦੇ ਤਿਨ ਅੰਦਰਿ ਕੂੜੁ ਫਿਟੁ ਫਿਟੁ ਮੁਹ ਫਿਕੇ॥
ਓਇ ਬੋਲੇ ਕਿਸੈ ਨ ਭਾਵਨੀ ਮੁਹ ਕਾਲੇ ਸਤਿਗੁਰ ਤੇ ਚੁਕੇ॥ (੩੦੪)

ਅਜਿਹਾ ਸਤਿਗੁਰੂ ਜਿਸ ਨੂੰ ਸੱਚ ਸਾਖਿਆਤ ਹੋ ਗਿਆ ਹੈ, ਉਹ ਸਿੱਖ ਨੂੰ ਉਸੇ ਸੱਚ ਵੱਲ ਲਾਉਂਦਾ ਹੈ। ਸਤਿਗੁਰ ਸਿੱਖ ਪਾਸੋਂ ਕੋਈ ਉਜਰਤ ਨਹੀਂ ਮੰਗਦਾ, ਨਿਰਾ ਮਿਹਰ ਦੁਆਰਾ ਉਪਦੇਸ਼ ਦਿੰਦਾ ਹੈ।

– ਜਿਉ ਜਨਨੀ ਸੁਤੁ ਜਣਿ ਪਾਲਤੀ ਰਾਖੈ ਨਦਰਿ ਮਝਾਰਿ॥ ਅੰਤਰਿ ਬਾਹਰਿ ਮੁਖਿ ਦੇ ਗਿਰਾਸੁ ਖਿਨੁ ਖਿਨੁ ਪੋਚਾਰਿ॥
ਤਿਉ ਸਤਿਗੁਰੁ ਗੁਰਸਿਖ ਰਾਖਤਾ ਹਰਿ ਪ੍ਰੀਤਿ ਪਿਆਰਿ॥
ਮੇਰੇ ਰਾਮ ਹਮ ਬਾਰਿਕ ਹਰਿ ਪ੍ਰਭ ਕੇ ਹੈ ਇਆਣੇ॥
ਧੰਨੁ ਧੰਨੁ ਗੁਰੂ ਗੁਰੁ ਸਤਿਗੁਰੁ ਪਾਧਾ ਜਿਨਿ ਹਰਿ ਉਪਦੇਸੁ ਦੇ ਕੀਏ ਸਿਆਣੇ॥ਰਹਾਉ॥
ਜੈਸੀ ਗਗਨਿ ਫਿਰੰਤੀ ਊਡਤੀ ਕਪਰੇ ਬਾਗੇ ਵਾਲੀ॥
ਓਹ ਰਾਖੈ ਚੀਤੁ ਪੀਛੈ ਬਿਚਿ ਬਚਰੇ ਨਿਤ ਹਿਰਦੈ ਸਾਰਿ ਸਮਾਲੀ॥
ਤਿਉ ਸਤਿਗੁਰ ਸਿਖ ਪ੍ਰੀਤਿ ਹਰਿ ਹਰਿ ਕੀ ਗੁਰੁ ਸਿਖ ਰਖੈ ਜੀਅ ਨਾਲੀ॥ (੧੬੮)

– ਸਤਿਗੁਰੁ ਸਿਖ ਕੀ ਕਰੈ ਪ੍ਰਤਿਪਾਲ॥ ਸੇਵਕ ਕਉ ਗੁਰੁ ਸਦਾ ਦਇਆਲ॥
ਸਿਖ ਕੀ ਗੁਰੁ ਦੁਰਮਤਿ ਮਲੁ ਹਿਰੈ॥ ਗੁਰ ਬਚਨੀ ਹਰਿ ਨਾਮੁ ਉਚਰੈ॥
ਸਤਿਗੁਰੁ ਸਿਖ ਕੇ ਬੰਧਨ ਕਾਟੈ॥ ਗੁਰ ਕਾ ਸਿਖੁ ਬਿਕਾਰ ਤੇ ਹਾਟੈ॥
ਸਤਿਗੁਰੁ ਸਿਖ ਕਉ ਨਾਮ ਧਨੁ ਦੇਇ॥ ਗੁਰ ਕਾ ਸਿਖੁ ਵਡਭਾਗੀ ਹੇ॥
ਸਤਿਗੁਰੁ ਸਿਖ ਕਾ ਹਲਤੁ ਪਲਤੁ ਸਵਾਰੈ॥ ਨਾਨਕ ਸਤਿਗੁਰੁ ਸਿਖ ਕਉ ਜੀਅ ਨਾਲਿ ਸਮਾਰੈ॥ (੨੮੬)

ਸਤਿਗੁਰੂ ਸਿੱਖਾਂ ਪਾਸੋਂ ਪਦਾਰਥ ਲੈ ਕੇ ਆਪਣਾ ਧਨ ਨਹੀਂ ਵਧਾਉਂਦਾ। ਉਹ ਝੂਠਾ ਗੁਰੂ ਹੈ ਜੋ ਕਾਰ ਭੇਟਾ ਇਕੱਠੀ ਕਰਦਾ ਫਿਰਦਾ ਹੈ।

– ਗੁਰੁ ਪੀਰੁ ਸਦਾਏ ਮੰਗਣ ਜਾਇ॥ ਤਾ ਕੈ ਮੂਲਿ ਨ ਲਗੀਐ ਪਾਇ॥ (੧੨੪੫)

ਸੱਚਾ ਗੁਰੂ ਤਾਂ ਸਿੱਖ ਦੇ ਮੂੰਹ ਪੈਂਦਾ ਦੇਖ ਕੇ ਪ੍ਰਸੰਨ ਹੁੰਦਾ ਹੈ।

– ਮਾਤਾ ਪ੍ਰੀਤਿ ਕਰੇ ਪੁਤੁ ਖਾਇ॥ ਮੀਨੇ ਪ੍ਰੀਤਿ ਭਈ ਜਲਿ ਨਾਇ॥
ਸਤਿਗੁਰ ਪ੍ਰੀਤਿ ਗੁਰਸਿਖ ਮੁਖਿ ਪਾਇ॥ (੧੬੪)

ਸੱਚ ਦੇ ਸੋਮੇ ਸਤਿਗੁਰੂ ਦੇ ਦਰਸ਼ਨ ਨਾਲ ਹੀ ਚਿਤ ਖਿੜ ਜਾਂਦਾ ਹੈ ਤੇ ਪਵਿਤ੍ਰਤਾ ਮਨ ਵਿੱਚ ਵਾਸਾ ਕਰਦੀ ਹੈ। ਸਤਿਗੁਰੂ ਇੱਕ ਵਕੀਲ ਹੈ ਜੋ ਸਿੱਖ ਨੂੰ ਹਰੀ ਨਾਲ ਮੇਲਦਾ ਹੈ। ਸਤਿਗੁਰੂ ਸਿੱਖ ਨੂੰ ਆਪਣੀ ਪੂਜਾ ਤੱਕ ਹੀ ਮਹਦੂਦ ਨਹੀਂ ਰੱਖਦਾ ਉਹ ਅਕਾਲ ਪੁਰਖ ਦਾ ਰਾਹ ਦੱਸਦਾ ਹੈ।

– ਜਿਸੁ ਮਿਲਿਐ ਮਨਿ ਹੋਇ ਅਨੰਦੁ ਸੋ ਸਤਿਗੁਰੁ ਕਹੀਐ॥
ਮਨ ਕੀ ਦੁਬਿਧਾ ਬਿਨਸਿ ਜਾਇ ਹਰਿ ਪਰਮ ਪਦੁ ਲਹੀਐ॥.....
ਹਰਿ ਭਗਤਿ ਦ੍ਰਿੜਾਵੈ ਹਰਿ ਭਗਤਿ ਸੁਣੈ ਤਿਸੁ ਸਤਿਗੁਰ ਮਿਲੀਐ॥
ਤੋਟਾ ਮੂਲਿ ਨ ਆਵਈ ਹਰਿ ਲਾਭੁ ਨਿਤਿ ਦ੍ਰਿੜੀਐ॥

ਜਿਸ ਕਉ ਰਿਦੈ ਵਿਗਾਸੁ ਹੈ ਭਾਉ ਦੂਜਾ ਨਾਹੀ॥ ਨਾਨਕ ਤਿਸੁ ਗੁਰ ਮਿਲਿ ਉਧਰੈ ਹਰਿ ਗੁਣ ਗਾਵਾਹੀ॥ (੧੬੮)

- ਸਫਲ ਦਰਸਨੁ ਪੇਖਤ ਪੁਨੀਤ॥ ਪਰਸਤ ਚਰਨ ਗਤਿ ਨਿਰਮਲ ਰੀਤਿ॥
ਭੇਟਤ ਸੰਗਿ ਰਾਮ ਗੁਨ ਰਵੇ॥ ਪਾਰਬ੍ਰਹਮ ਕੀ ਦਰਗਹ ਗਵੇ॥
ਸੁਨਿ ਕਰਿ ਬਚਨ ਕਰਨ ਆਘਾਨੇ॥ ਮਨਿ ਸੰਤੋਖੁ ਆਤਮ ਪਤੀਆਨੇ॥
ਪੂਰਾ ਗੁਰੁ ਅਖ੍ਓ ਜਾ ਕਾ ਮੰਤ੍॥ ਅੰਮ੍ਰਿਤ ਦ੍ਰਿਸਟਿ ਪੇਖੈ ਹੋਇ ਸੰਤ॥
ਗੁਣ ਬਿਅੰਤ ਕੀਮਤਿ ਨਹੀ ਪਾਇ॥ ਨਾਨਕ ਜਿਸੁ ਭਾਵੈ ਤਿਸੁ ਲਏ ਮਿਲਾਇ॥ (੨੮੭)

- ਹਉ ਵਾਰੀ ਹਉ ਵਾਰਣੈ ਭਾਈ ਸਤਿਗੁਰ ਕਉ ਸਦ ਬਲਿਹਾਰੈ ਜਾਉ॥
ਨਾਮੁ ਨਿਧਾਨੁ ਜਿਨਿ ਦਿਤਾ ਭਾਈ ਗੁਰਮਤਿ ਸਹਜਿ ਸਮਾਉ॥
ਗੁਰ ਬਿਨੁ ਸਹਜੁ ਨ ਊਪਜੈ ਭਾਈ ਪੂਛਹੁ ਗਿਆਨੀਆ ਜਾਇ॥
ਸਤਿਗੁਰ ਕੀ ਸੇਵਾ ਸਦਾ ਕਰਿ ਭਾਈ ਵਿਚਹੁ ਆਪੁ ਗਵਾਇ॥
ਗੁਰਮਤੀ ਭਉ ਊਪਜੈ ਭਾਈ ਭਉ ਕਰਣੀ ਸਚੁ ਸਾਰੁ॥
ਪ੍ਰੇਮ ਪਦਾਰਥੁ ਪਾਈਐ ਭਾਈ ਸਚੁ ਨਾਮੁ ਆਧਾਰੁ॥ (੬੩੮)

- ਹਮ ਘਰਿ ਨਾਮੁ ਖਜਾਨਾ ਸਦਾ ਹੈ ਭਗਤਿ ਭਰੇ ਭੰਡਾਰਾ॥ ਸਤਗੁਰੁ ਦਾਤਾ ਜੀਅ ਕਾ ਸਦ ਜੀਵੈ ਦੇਵਣਹਾਰਾ॥
ਅਨਦਿਨੁ ਕੀਰਤਨੁ ਸਦਾ ਕਰਹਿ ਗੁਰ ਕੈ ਸਬਦਿ ਅਪਾਰਾ॥
ਸਬਦੁ ਗੁਰੂ ਕਾ ਸਦ ਉਚਰਹਿ ਜੁਗੁ ਜੁਗੁ ਵਰਤਾਵਣਹਾਰਾ॥
ਇਹੁ ਮਨੂਆ ਸਦਾ ਸੁਖਿ ਵਸੈ ਸਹਜੇ ਕਰੇ ਵਾਪਾਰਾ॥
ਅੰਤਰਿ ਗੁਰ ਗਿਆਨੁ ਹਰਿ ਰਤਨੁ ਹੈ ਮੁਕਤਿ ਕਰਾਵਣਹਾਰਾ॥
ਨਾਨਕ ਜਿਸ ਨੋ ਨਦਰਿ ਕਰੇ ਸੋ ਪਾਏ ਸੋ ਹੋਵੈ ਦਰਿ ਸਚਿਆਰਾ॥ (੫੯੩)

- ਸੋ ਗੁਰੁ ਕਰਉ ਜਿ ਸਾਚੁ ਦ੍ਰਿੜਾਵੈ॥ ਅਕਥੁ ਕਥਾਵੈ ਸਬਦਿ ਮਿਲਾਵੈ॥
ਹਰਿ ਕੇ ਲੋਗ ਅਵਰ ਨਹੀ ਕਾਰਾ॥ ਸਾਚਉ ਠਾਕੁਰੁ ਸਾਚੁ ਪਿਆਰਾ॥
ਤਨ ਮਹਿ ਮਨੂਆ ਮਨ ਮਹਿ ਸਾਚਾ॥ ਸੋ ਸਾਚਾ ਮਿਲਿ ਸਾਚੇ ਰਾਚਾ॥ (੬੮੬)

- ਵਡੈ ਭਾਗਿ ਗੁਰੁ ਅਪੁਨਾ ਪਾਇਓ॥ ਗੁਰਿ ਮੋ ਕਉ ਹਰਿ ਨਾਮੁ ਦ੍ਰਿੜਾਇਓ॥ (੭੧੫)

- ਹਰਿ ਕੀਆ ਕਥਾ ਕਹਾਣੀਆ ਗੁਰਿ ਮੀਤਿ ਸੁਣਾਈਆ॥.....
ਹਰਿ ਹਰਿ ਤੇਰਾ ਨਾਮੁ ਹੈ ਦੁਖ ਮੇਟਣਹਾਰਾ॥ ਗੁਰ ਸੇਵਾ ਤੇ ਪਾਈਐ ਗੁਰਮੁਖਿ ਨਿਸਤਾਰਾ॥.....
ਸੋ ਧੰਨੁ ਗੁਰੂ ਸਾਬਾਸਿ ਹੈ ਹਰਿ ਦੇਇ ਸਨੇਹਾ॥ ਹਉ ਵੇਖਿ ਵੇਖਿ ਗੁਰੂ ਵਿਗਸਿਆ ਗੁਰ ਸਤਿਗੁਰ ਦੇਹਾ॥
ਗੁਰ ਰਸਨਾ ਅੰਮ੍ਰਿਤੁ ਬੋਲਦੀ ਹਰਿ ਨਾਮਿ ਸੁਹਾਵੀ॥
ਜਿਨ ਸੁਣਿ ਸਿਖਾ ਗੁਰੁ ਮੰਨਿਆ ਤਿਨਾ ਭੁਖ ਸਭ ਜਾਵੀ॥ (੭੨੫)

- ਗੁਰੁ ਸਰਵਰੁ ਮਾਨ ਸਰੋਵਰੁ ਹੈ ਵਡਭਾਗੀ ਪੁਰਖ ਲਹੰਨ੍ਹਿ॥ ਸੇਵਕ ਗੁਰਮੁਖਿ ਖੋਜਿਆ ਸੇ ਹੰਸੁਲੇ ਨਾਮੁ ਲਹੰਨਿ॥
ਨਾਮੁ ਧਿਆਇਨ੍ਹਿ ਰੰਗ ਸਿਉ ਗੁਰਮੁਖਿ ਨਾਮਿ ਲਗੰਨ੍ਹਿ॥
ਧੁਰਿ ਪੂਰਬਿ ਹੋਵੈ ਲਿਖਿਆ ਗੁਰ ਭਾਣਾ ਮੰਨਿ ਲਏਨ੍ਹਿ॥(੭੫੭)

ਕਿਹੜੇ ਸਿੱਖ ਨੂੰ ਗੁਰੂ ਪਾਸੋਂ ਨਾਮ ਦੀ ਪ੍ਰਾਪਤੀ ਹੁੰਦੀ ਹੈ? ਜਿਹੜਾ ਗੁਰੂ ਉਤੇ ਪੂਰਾ ਭਰੋਸਾ ਰੱਖ ਕੇ ਮਨਮਤਿ ਤਿਆਗਦਾ ਹੈ। ਯਾਦ ਰਹੇ ਸਾਡੀ ਮੱਤਿ ਮਨ ਦਾ ਕਹਿਆ ਕਰਦੀ ਹੈ।

– ਮਨ ਕਾ ਕਹਿਆ ਮਨਸਾ ਕਰੈ॥ (੮੩੨)

ਅਤੇ ਸਾਡਾ ਮਨ ਕਾਮ ਕ੍ਰੋਧ ਦੇ ਵੱਸ ਵਿੱਚ ਹੈ।

– ਮਨੁ ਵਸਿ ਦੂਤਾ ਦੁਰਮਤਿ ਦੋਇ॥ (੨੨੨)

ਇਸ ਲਈ ਸਾਡੀ ਕਿਰਿਆ ਲੋਭ ਮੋਹ ਆਦਿ ਦੇ ਆਸਰੇ ਹੈ। ਗੁਰੂ ਦੀ ਸ਼ਰਨ ਤਾਂ ਹੀ ਲਈ ਜਾ ਸਕੇਗੀ ਜਦੋਂ ਕਿਰਿਆ ਗੁਰਮਤਿ ਦੇ ਆਸਰੇ ਹੋਵੇਗੀ। ਪਹਿਲੇ ਗੁਰੂ ਵਿੱਚ ਸ਼ਰਧਾ, ਫਿਰ ਗੁਰਬਚਨਾਂ ਅਨੁਸਾਰ ਨਿੱਤ ਦੀ ਕਾਰ, ਇਹ ਗੁਰੂ ਦੀ ਸ਼ਰਨ ਲੈਣਾ ਹੈ।

– ਸਤਿਗੁਰੁ ਪੁਰਖੁ ਦਇਆਲੁ ਹੈ ਜਿਸ ਨੋ ਸਮਤੁ ਸਭੁ ਕੋਇ॥
ਏਕ ਦ੍ਰਿਸਟਿ ਕਰਿ ਦੇਖਦਾ ਮਨ ਭਾਵਨੀ ਤੇ ਸਿਧਿ ਹੋਇ॥
ਸਤਿਗੁਰ ਵਿਚਿ ਅੰਮ੍ਰਿਤੁ ਹੈ ਹਰਿ ਉਤਮੁ ਹਰਿ ਪਦੁ ਸੋਇ॥
ਨਾਨਕ ਕਿਰਪਾ ਤੇ ਹਰਿ ਧਿਆਈਐ ਗੁਰਮੁਖਿ ਪਾਵੈ ਕੋਇ॥ (੩੦੦)

– ਸਤਿਗੁਰੂ ਸਦਾ ਦਇਆਲੁ ਹੈ ਭਾਈ ਵਿਣੁ ਭਾਗਾ ਕਿਆ ਪਾਈਐ॥
ਏਕ ਨਦਰਿ ਕਰਿ ਵੇਖੈ ਸਭ ਊਪਰਿ ਜੇਹਾ ਭਾਉ ਤੇਹਾ ਫਲੁ ਪਾਈਐ॥
ਨਾਨਕ ਨਾਮੁ ਵਸੈ ਮਨ ਅੰਤਰਿ ਵਿਚਹੁ ਆਪੁ ਗਵਾਈਐ॥ (੬੦੨)

– ਗੁਰ ਕੈ ਗ੍ਰਿਹਿ ਸੇਵਕੁ ਜੋ ਰਹੈ॥ ਗੁਰ ਕੀ ਆਗਿਆ ਮਨ ਮਹਿ ਸਹੈ॥
ਆਪਸ ਕਉ ਕਰਿ ਕਛੁ ਨ ਜਨਾਵੈ॥ ਹਰਿ ਹਰਿ ਨਾਮੁ ਰਿਦੈ ਸਦ ਧਿਆਵੈ॥
ਮਨੁ ਬੇਚੈ ਸਤਿਗੁਰ ਕੈ ਪਾਸਿ॥ ਤਿਸੁ ਸੇਵਕ ਕੇ ਕਾਰਜ ਰਾਸਿ॥
ਸੇਵਾ ਕਰਤ ਹੋਇ ਨਿਹਕਾਮੀ॥ ਤਿਸ ਕਉ ਹੋਤ ਪਰਾਪਤਿ ਸੁਆਮੀ॥
ਅਪਨੀ ਕ੍ਰਿਪਾ ਜਿਸੁ ਆਪਿ ਕਰੇਇ॥ ਨਾਨਕ ਸੋ ਸੇਵਕੁ ਗੁਰ ਕੀ ਮਤਿ ਲੇਇ॥ (੨੮੬)

ਗੁਰੂ ਦੇ ਮੇਲ ਦਾ ਅਰਥ ਅਤੇ ਨਿਸ਼ਾਨੀ ਹੀ ਇਹੋ ਹੈ ਕਿ ਮਨ ਵਸ ਵਿੱਚ ਆ ਜਾਵੇ ਅਤੇ ਹਉਮੈ ਦਾ ਨਾਸ ਹੋਵੇ। ਅੰਦਰ ਨਾਮ ਦਾ ਵਾਸਾ ਹੋਵੇ ਤੇ ਸੁੱਖ ਦੀ ਪ੍ਰਾਪਤੀ ਹੋਵੇ।

– ਜਬ ਗੁਰੁ ਮਿਲਿਆ ਤਬ ਮਨੁ ਵਸਿ ਆਇਆ॥ ਧਾਵਤ ਪੰਚ ਰਹੇ ਹਰਿ ਧਿਆਇਆ॥
ਅਨਦਿਨੁ ਨਗਰੀ ਹਰਿ ਗੁਣ ਗਾਇਆ॥
ਸਤਿਗੁਰ ਪਗ ਧੂਰਿ ਜਿਨਾ ਮੁਖਿ ਲਾਈ॥ ਤਿਨ ਕੂੜ ਤਿਆਗੇ ਹਰਿ ਲਿਵ ਲਾਈ॥
ਤੇ ਹਰਿ ਦਰਗਹ ਮੁਖ ਊਜਲ ਭਾਈ॥ (੧੬੫)

– ਏ ਮਨ ਐਸਾ ਸਤਿਗੁਰੁ ਖੋਜਿ ਲਹੁ ਜਿਤੁ ਸੇਵਿਐ ਜਨਮ ਮਰਣ ਦੁਖੁ ਜਾਇ॥

ਸਹਸਾ ਮੂਲਿ ਨ ਹੋਵਈ ਹਉਮੈ ਸਬਦਿ ਜਲਾਇ॥
ਕੂੜੈ ਕੀ ਪਾਲਿ ਵਿਚਹੁ ਨਿਕਲੈ ਸਚੁ ਵਸੈ ਮਨਿ ਆਇ॥
ਅੰਤਰਿ ਸਾਂਤਿ ਮਨਿ ਸੁਖੁ ਹੋਇ ਸਚ ਸੰਜਮਿ ਕਾਰ ਕਮਾਇ॥
ਨਾਨਕ ਪੂਰੈ ਕਰਮਿ ਸਤਿਗੁਰੁ ਮਿਲੈ ਹਰਿ ਜੀਉ ਕਿਰਪਾ ਕਰੇ ਰਜਾਇ॥ (੫੯੧)

- ਸਤਿਗੁਰੂ ਫੁਰਮਾਇਆ ਕਾਰੀ ਏਹ ਕਰੇਹੁ॥ ਗੁਰੂ ਦੁਆਰੈ ਹੋਇ ਕੈ ਸਾਹਿਬੁ ਸੰਮਾਲੇਹੁ॥
ਸਾਹਿਬੁ ਸਦਾ ਹਜੂਰਿ ਹੈ ਭਰਮੈ ਕੇ ਛਉੜ ਕਟਿ ਕੈ ਅੰਤਰਿ ਜੋਤਿ ਧਰੇਹੁ॥
ਹਰਿ ਕਾ ਨਾਮੁ ਅੰਮ੍ਰਿਤੁ ਹੈ ਦਾਰੂ ਏਹੁ ਲਾਏਹੁ॥ ਸਤਿਗੁਰ ਕਾ ਭਾਣਾ ਚਿਤਿ ਰਖਹੁ ਸੰਜਮੁ ਸਚਾ ਨੇਹੁ॥
ਨਾਨਕ ਐਥੈ ਸੁਖੈ ਅੰਦਰਿ ਰਖਸੀ ਅਗੈ ਹਰਿ ਸਿਉ ਕੇਲ ਕਰੇਹੁ॥ (੫੫੪)

- ਗੁਰ ਸੇਵਾ ਤੇ ਸੁਖੁ ਪਾਈਐ ਹੋਰ ਥੈ ਸੁਖੁ ਨ ਭਾਲਿ॥ ਗੁਰ ਕੈ ਸਬਦਿ ਮਨੁ ਭੇਦੀਐ ਸਦਾ ਵਸੈ ਹਰਿ ਨਾਲਿ॥
ਨਾਨਕ ਨਾਮੁ ਤਿਨਾ ਕਉ ਮਿਲੈ ਜਿਨ ਹਰਿ ਵੇਖੈ ਨਦਰਿ ਨਿਹਾਲਿ॥ (੫੪੮)

- ਜਹ ਸਤਿਗੁਰੁ ਤਹ ਸਤਸੰਗਤਿ ਬਣਾਈ॥ ਜਹ ਸਤਿਗੁਰੁ ਸਹਜੇ ਹਰਿ ਗੁਣ ਗਾਈ॥
ਜਹ ਸਤਿਗੁਰੁ ਤਹਾ ਹਉਮੈ ਸਬਦਿ ਜਲਾਈ॥ ਗੁਰਮੁਖਿ ਸੇਵਾ ਮਹਲੀ ਥਾਉ ਪਾਏ॥
ਗੁਰਮੁਖਿ ਅੰਤਰਿ ਹਰਿ ਨਾਮੁ ਵਸਾਏ॥ ਗੁਰਮੁਖਿ ਭਗਤਿ ਹਰਿ ਨਾਮਿ ਸਮਾਏ॥ (੧੬੦)

ਸਤਿਗੁਰੂ ਬਿਨਾਂ ਕਿਸੇ ਲਾਲਚ ਦੇ ਲੋਕਾਂ ਨੂੰ ਉਪਦੇਸ਼ ਦਿੰਦੇ ਹਨ ਅਤੇ ਨਾਮ ਵੱਲ ਲੈ ਜਾਂਦੇ ਹਨ।

- ਮਹਾ ਪੁਰਖਾ ਕਾ ਬੋਲਣਾ ਹੋਵੈ ਕਿਤੈ ਪਰਥਾਇ॥ ਓਇ ਅੰਮ੍ਰਿਤ ਭਰੇ ਭਰਪੂਰ ਹਹਿ ਓਨਾ ਤਿਲੁ ਨ ਤਮਾਇ॥
ਗੁਣਕਾਰੀ ਗੁਣ ਸੰਘਰੈ ਅਵਰਾ ਉਪਦੇਸੇਨਿ॥ ਸੇ ਵਡਭਾਗੀ ਜਿ ਓਨਾ ਮਿਲਿ ਰਹੇ ਅਨਦਿਨੁ ਨਾਮੁ ਲਏਨਿ॥ (੭੫੫)

ਅਗਲੇ ਸ਼ਬਦ ਵਿੱਚ ਗੁਰੂ ਅਰਜਨ ਦੇਵ ਜੀ ਸਤਿਗੁਰੂ ਦੇ ਸਮੁੱਚੇ ਗੁਣ ਵਰਣਨ ਕਰਦੇ ਹਨ।

- ਗੁਨ ਗਾਵਤ ਮਨਿ ਹੋਇ ਅਨੰਦ॥ ਆਠ ਪਹਰ ਸਿਮਰਉ ਭਗਵੰਤ॥
ਜਾ ਕੈ ਸਿਮਰਨਿ ਕਲਮਲ ਜਾਹਿ॥ ਤਿਸੁ ਗੁਰ ਕੀ ਹਮ ਚਰਨੀ ਪਾਹਿ॥
ਸੁਮਤਿ ਦੇਵਹੁ ਸੰਤ ਪਿਆਰੇ॥ ਸਿਮਰਉ ਨਾਮੁ ਮੋਹਿ ਨਿਸਤਾਰੇ॥ਰਹਾਉ॥
ਜਿਨਿ ਗੁਰਿ ਕਹਿਆ ਮਾਰਗੁ ਸੀਧਾ॥ ਸਗਲ ਤਿਆਗਿ ਨਾਮਿ ਹਰਿ ਗੀਧਾ॥
ਤਿਸੁ ਗੁਰ ਕੈ ਸਦਾ ਬਲਿ ਜਾਈਐ॥ ਹਰਿ ਸਿਮਰਨੁ ਜਿਸੁ ਗੁਰ ਤੇ ਪਾਈਐ॥
ਬੂਡਤ ਪ੍ਰਾਨੀ ਜਿਨਿ ਗੁਰਹਿ ਤਰਾਇਆ॥ ਜਿਸੁ ਪ੍ਰਸਾਦਿ ਮੋਹੈ ਨਹੀ ਮਾਇਆ॥
ਹਲਤੁ ਪਲਤੁ ਜਿਨਿ ਗੁਰਹਿ ਸਵਾਰਿਆ॥ ਤਿਸੁ ਗੁਰ ਊਪਰਿ ਸਦਾ ਹਉ ਵਾਰਿਆ॥
ਮਹਾ ਮੁਗਧ ਤੇ ਕੀਆ ਗਿਆਨੀ॥ ਗੁਰ ਪੂਰੇ ਕੀ ਅਕਥ ਕਹਾਨੀ॥
ਪਾਰਬ੍ਰਹਮ ਨਾਨਕ ਗੁਰਦੇਵ॥ ਵਡੈ ਭਾਗਿ ਪਾਈਐ ਹਰਿ ਸੇਵ॥ (੧੩੩੮)

ਸਤਿਗੁਰੂ ਨਿਰਵੈਰ ਹੈ, ਉਸਦੇ ਮਨ ਵਿੱਚ ਕੋਈ ਖੋਟ ਨਹੀਂ ਹੈ। ਜੇ ਨਿੰਦਰ ਵੀ ਸ਼ਰਣ ਆ ਜਾਵੇ ਤਾਂ ਬਖਸ਼ ਕੇ ਮੇਲ ਲੈਂਦਾ ਹੈ।

- ਕੋਈ ਨਿੰਦਕੁ ਹੋਵੈ ਸਤਿਗੁਰੂ ਕਾ ਫਿਰਿ ਸਰਣਿ ਗੁਰ ਆਵੈ॥
ਪਿਛਲੇ ਗੁਨਹ ਸਤਿਗੁਰੁ ਬਖਸਿ ਲਏ ਸਤਸੰਗਤਿ ਨਾਲਿ ਰਲਾਵੈ॥
ਜਿਉ ਮੀਹਿ ਵੁਠੈ ਗਲੀਆ ਨਾਲਿਆ ਟੋਭਿਆ ਕਾ ਜਲੁ ਜਾਇ ਪਵੈ
ਵਿਚਿ ਸੁਰਸਰੀ ਸੁਰਸਰੀ ਮਿਲਤ ਪਵਿਤ੍ਰ ਪਾਵਨੁ ਹੋਇ ਜਾਵੈ॥
ਏਹ ਵਡਿਆਈ ਸਤਿਗੁਰ ਨਿਰਵੈਰ ਵਿਚਿ ਜਿਤੁ ਮਿਲਿਐ ਤਿਸਨਾ ਭੁਖ ਉਤਰੈ ਹਰਿ ਸਾਂਤਿ ਤੜ ਆਵੈ॥
ਨਾਨਕ ਇਹੁ ਅਚਰਜੁ ਦੇਖਹੁ ਮੇਰੇ ਹਰਿ ਸਚੇ ਸਾਹ ਕਾ ਜਿ ਸਤਿਗੁਰੂ ਨੋ ਮੰਨੈ ਸੁ ਸਭਨਾਂ ਭਾਵੈ॥ (੮੫੫)

ਸਿੱਖ ਅਜਿਹੇ ਉਪਰ ਲਿਖੇ ਗੁਣਾਂ ਵਾਲੇ ਗੁਰੂ ਨੂੰ ਨਿਰੰਕਾਰ ਦਾ ਰੂਪ ਜਾਣੇ। ਗੁਰਬਾਣੀ ਹੀ ਰੱਬੀ ਕਲਾਮ ਹੈ। ਗੁਰੂ ਅੰਤਰ ਆਤਮੇ ਨਿਰੰਕਾਰ ਨਾਲ ਅਭੇਦ ਹੈ। ਇਸ ਲਈ ਜੋ ਗੁਰੂ ਦਾ ਉਪਦੇਸ਼ ਹੈ ਉਹ ਨਿਰੰਕਾਰੀ ਗਿਆਨ ਹੈ।

– ਸਤਿਗੁਰ ਦੇਉ ਪਰਤਖਿ ਹਰਿ ਮੂਰਤਿ ਜੋ ਅੰਮ੍ਰਿਤ ਬਚਨ ਸੁਣਾਵੈ॥ (੧੨੬੪)

– ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ॥ ਚਰਨ ਕਮਲ ਗੁਰ ਰਿਦੈ ਬਸਾਇਆ॥
ਗੁਰ ਗੋਬਿੰਦੁ ਪਾਰਬ੍ਰਹਮੁ ਪੂਰਾ॥ ਤਿਸਹਿ ਅਰਾਧਿ ਮੇਰਾ ਮਨੁ ਧੀਰਾ॥ਰਹਾਉ॥
ਅਨਦਿਨੁ ਜਪਉ ਗੁਰੂ ਗੁਰ ਨਾਮ॥ ਤਾ ਤੇ ਸਿਧਿ ਭਏ ਸਗਲ ਕਾਂਮ॥
ਦਰਸਨ ਦੇਖਿ ਸੀਤਲ ਮਨ ਭਏ॥ ਜਨਮ ਜਨਮ ਕੇ ਕਿਲਬਿਖ ਗਏ॥
ਕਹੁ ਨਾਨਕ ਕਹਾ ਭੈ ਭਾਈ॥ ਅਪਨੇ ਸੇਵਕ ਕੀ ਆਪਿ ਪੈਜ ਰਖਾਈ॥ (੨੦੨)

– ਗੁਰ ਗੋਬਿੰਦ ਗੋਪਾਲ ਗੁਰ ਗੁਰ ਪੂਰਨ ਨਾਰਾਇਣਹ॥
ਗੁਰ ਦਇਆਲ ਸਮਰਥ ਗੁਰ ਗੁਰ ਨਾਨਕ ਪਤਿਤ ਉਧਾਰਣਹ॥ (੭੧੦)

– ਗੁਰੁ ਪਰਮੇਸਰੁ ਏਕੋ ਜਾਣੁ॥ ਜੋ ਤਿਸੁ ਭਾਵੈ ਸੋ ਪਰਵਾਣੁ॥ਰਹਾਉ॥.....
ਗੁਰ ਕੀ ਮਹਿਮਾ ਕਥਨੁ ਨ ਜਾਇ॥ ਪਾਰਬ੍ਰਹਮੁ ਗੁਰੁ ਰਹਿਆ ਸਮਾਇ॥ (੮੬੪)

– ਗੁਰੁ ਮੇਰੀ ਪੂਜਾ ਗੁਰੁ ਗੋਬਿੰਦੁ॥ ਗੁਰੁ ਮੇਰਾ ਪਾਰਬ੍ਰਹਮੁ ਗੁਰੁ ਭਗਵੰਤੁ॥
ਗੁਰੁ ਮੇਰਾ ਦੇਉ ਅਲਖ ਅਭੇਉ॥ ਸਰਬ ਪੂਜ ਚਰਨ ਗੁਰ ਸੇਉ॥
ਗੁਰ ਬਿਨੁ ਅਵਰੁ ਨਾਹੀ ਮੈ ਥਾਉ॥ ਅਨਦਿਨੁ ਜਪਉ ਗੁਰੂ ਗੁਰ ਨਾਉ॥ਰਹਾਉ॥.....
ਗੁਰੁ ਪੂਰਾ ਪਾਈਐ ਵਡਭਾਗੀ॥ ਗੁਰ ਕੀ ਸੇਵਾ ਦੂਖੁ ਨ ਲਾਗੀ॥
ਗੁਰ ਕਾ ਸਬਦੁ ਨ ਮੇਟੈ ਕੋਇ॥ ਗੁਰੁ ਨਾਨਕੁ ਨਾਨਕੁ ਹਰਿ ਸੋਇ॥ (੮੬੪)

– ਸਗਲ ਸਿਆਨਪ ਛਾਡਿ॥ ਕਰਿ ਸੇਵਾ ਸੇਵਕ ਸਾਜਿ॥
ਅਪਨਾ ਆਪੁ ਸਗਲ ਮਿਟਾਇ॥ ਮਨ ਚਿੰਦੇ ਸੇਈ ਫਲ ਪਾਇ॥
ਹੋਹੁ ਸਾਵਧਾਨ ਅਪੁਨੇ ਗੁਰ ਸਿਉ॥ ਆਸਾ ਮਨਸਾ ਪੂਰਨ ਹੋਵੈ ਪਾਵਹਿ ਸਗਲ ਨਿਧਾਨ ਗੁਰ ਸਿਉ॥ਰਹਾਉ॥
ਦੂਜਾ ਨਹੀ ਜਾਨੈ ਕੋਇ॥ ਸਤਗੁਰੁ ਨਿਰੰਜਨੁ ਸੋਇ॥ ਮਾਨੁਖ ਕਾ ਕਰਿ ਰੂਪੁ ਨ ਜਾਨੁ॥ ਮਿਲੀ ਨਿਮਾਨੇ ਮਾਨੁ॥
ਗੁਰ ਕੀ ਹਰਿ ਟੇਕ ਟਿਕਾਇ॥ ਅਵਰ ਆਸਾ ਸਭ ਲਾਹਿ॥
ਹਰਿ ਕਾ ਨਾਮੁ ਮਾਗੁ ਨਿਧਾਨੁ॥ ਤਾ ਦਰਗਹ ਪਾਵਹਿ ਮਾਨੁ॥
ਗੁਰ ਕਾ ਬਚਨੁ ਜਪਿ ਮੰਤੁ॥ ਏਹਾ ਭਗਤਿ ਸਾਰ ਤਤੁ॥
ਸਤਿਗੁਰ ਭਏ ਦਇਆਲ॥ ਨਾਨਕ ਦਾਸ ਨਿਹਾਲ॥ (੮੯੫)

– ਗੁਰ ਸਰਣਾਈ ਸਗਲ ਨਿਧਾਨ॥ ਸਾਚੀ ਦਰਗਹਿ ਪਾਈਐ ਮਾਨੁ॥
ਭ੍ਰਮੁ ਭਉ ਦੂਖੁ ਦਰਦੁ ਸਭੁ ਜਾਇ॥ ਸਾਧਸੰਗਿ ਸਦ ਹਰਿ ਗੁਣ ਗਾਇ॥
ਮਨ ਮੇਰੇ ਗੁਰੁ ਪੂਰਾ ਸਾਲਾਹਿ॥ ਨਾਮੁ ਨਿਧਾਨੁ ਜਪਹੁ ਦਿਨੁ ਰਾਤੀ ਮਨ ਚਿੰਦੇ ਫਲ ਪਾਇ॥ਰਹਾਉ॥
ਸਤਿਗੁਰ ਜੇਵਡੁ ਅਵਰੁ ਨ ਕੋਇ॥ ਗੁਰ ਪਾਰਬ੍ਰਹਮੁ ਪਰਮੇਸਰੁ ਸੋਇ॥
ਜਨਮ ਮਰਣ ਦੂਖ ਤੇ ਰਾਖੈ॥ ਮਾਇਆ ਬਿਖੁ ਫਿਰਿ ਬਹੁੜਿ ਨ ਚਾਖੈ॥
ਗੁਰ ਕੀ ਮਹਿਮਾ ਕਥਨੁ ਨ ਜਾਇ॥ ਗੁਰੁ ਪਰਮੇਸਰੁ ਸਾਚੈ ਨਾਇ॥
ਸਚੁ ਸੰਜਮੁ ਕਰਣੀ ਸਭੁ ਸਾਚੀ॥ ਸੋ ਮਨੁ ਨਿਰਮਲੁ ਜੋ ਗੁਰ ਸੰਗਿ ਰਾਚੀ॥
ਗੁਰੁ ਪੂਰਾ ਪਾਈਐ ਵਡ ਭਾਗਿ॥ ਕਾਮੁ ਕ੍ਰੋਧੁ ਲੋਭੁ ਮਨ ਤੇ ਤਿਆਗਿ॥
ਕਰਿ ਕਿਰਪਾ ਗੁਰ ਚਰਣ ਨਿਵਾਸਿ॥ ਨਾਨਕ ਕੀ ਪ੍ਰਭ ਸਚੁ ਅਰਦਾਸਿ॥ (੧੨੭੧)

ਜੇ ਸਤਿਗੁਰੂ ਆਪ ਨਿਰੰਕਾਰ ਨਾਲ ਇੱਕ ਰੂਪ ਨਹੀਂ ਤਾਂ ਉਹ ਸਿੱਖ ਨੂੰ ਕਿਸ ਤਰ੍ਹਾਂ ਇੱਕ ਰੂਪ ਕਰੇਗਾ? ਪਰ ਇੱਥੇ ਇੱਕ ਸੰਸਾ ਹੋ ਸਕਦਾ ਹੈ। ਦਸਮ ਪਿਤਾ ਦਾ ਫੁਰਮਾਨ ਹੈ:

– ਜੋ ਹਮ ਕੋ ਪਰਮੇਸਰ ਉਚਰਿਹੈਂ॥ ਤੇ ਸਭ ਨਰਕ ਕੁੰਡ ਮਹਿ ਪਰਿਹੈਂ॥ (ਬਚਿਤ੍ਰ ਨਾਟਕ)

ਫਿਰਿ ਸਤਿਗੁਰੂ ਤੇ ਪਾਰਬ੍ਰਹਮ ਇੱਕ ਕਿਵੇਂ ਹੋਇਆ? ਪਰ ਉਨ੍ਹਾਂ ਦਾ ਹੀ ਇੱਕ ਇਹ ਭੀ ਫੁਰਮਾਨ ਹੈ:

– ਹਰਿ ਹਰਿ ਜਨ ਦੁਇ ਏਕ ਹੈ ਬਿਬ ਬਿਚਾਰ ਕਛੁ ਨਾਹਿ॥
ਜਲ ਤੇ ਉਪਜ ਤਰੰਗ ਜਿਉ ਜਲ ਹੀ ਬਿਖੈ ਸਮਾਹਿ॥ (ਬਚਿਤ੍ਰ ਨਾਟਕ)

ਅਤੇ ਆਪਣੇ ਪਹਿਲੇ ਜਨਮ ਬਾਰੇ ਕਥਨ ਕਰਦੇ ਹੋਏ ਫੁਰਮਾਉਂਦੇ ਹਨ ਕਿ ਉਨ੍ਹਾਂ ਨਿਰੰਕਾਰ ਦੀ ਅਜਿਹੀ ਭਗਤੀ ਕੀਤੀ ਕਿ ਉਹ

– ਦ੍ਵੈ ਤੇ ਏਕ ਰੂਪ ਹ੍ਵੈ ਗਯੋ॥ (ਬਚਿਤ੍ਰ ਨਾਟਕ)

ਇਨ੍ਹਾਂ ਸਾਰੇ ਵਾਕਾਂ ਨੂੰ ਇਕੱਠਿਆਂ ਵਿਚਾਰ ਕੇ ਇਹ ਭਾਵ ਨਿਕਲਦਾ ਹੈ ਕਿ ਜਿਵੇਂ ਲੋਕ ਕਈ ਮਹਾਂਪੁਰਖਾਂ ਨੂੰ ਪ੍ਰਮਾਤਮਾ ਦਾ ਅਵਤਾਰ ਮੰਨਦੇ ਸਨ ਤੇ ਉਨ੍ਹਾਂ ਦੀ ਦੇਹ ਨੂੰ ਸਾਖਿਆਤ ਨਿਰੰਕਾਰ ਦਾ ਰੂਪ ਸਮਝ ਕੇ ਉਨ੍ਹਾਂ ਦੀਆਂ ਮੂਰਤੀਆਂ ਪੂਜਦੇ ਸਨ, ਇਹ ਗੱਲ ਸਤਿਗੁਰਾਂ ਨੇ ਵਰਜੀ ਹੈ। ਨਿਰੰਕਾਰ ਦੀ ਕੋਈ ਦੇਹ ਨਹੀਂ, ਨਾ ਹੀ ਉਸਦੀ ਕੋਈ ਮੂਰਤੀ ਹੈ, ਪਰ ਇਹ ਸਿੱਖੀ ਦਾ ਅਸੂਲ ਹੈ ਕਿ ਸਤਿਗੁਰੂ ਅੰਤਰ ਆਤਮੇ ਨਿਰੰਕਾਰ ਨਾਲ ਅਭੇਦ ਹੈ ਅਤੇ ਸਤਿਗੁਰੂ ਦਾ ਉਪਦੇਸ਼ ਨਿਰੰਕਾਰੀ ਉਪਦੇਸ਼ ਹੈ। ਸਤਿਗੁਰਾਂ ਦੀ ਦੇਹ ਨਿਰੰਕਾਰ ਦੀ ਮੂਰਤੀ ਨਹੀਂ, ਉਨ੍ਹਾਂ ਦੀ ਆਤਮਾ ਨਿਰੰਕਾਰ ਦਾ ਰੂਪ ਹੈ।

ਕਈ ਸੱਜਣ ਇਹ ਕਹਿ ਦਿਆ ਕਰਦੇ ਹਨ ਕਿ ਅਸਲ ਵਿੱਚ ਸਿੱਖ ਨੂੰ ਤਾਂ ਉਸਦਾ ਨਿਸ਼ਚਾ ਹੀ ਤਾਰਦਾ ਹੈ ਭਾਵੇਂ ਕਿਧਰੇ ਵੀ ਆਪਣਾ ਯਕੀਨ ਬੰਨ੍ਹ ਲਵੇ। ਇਹ ਸਿਧਾਂਤ ਗੁਰਮਤਿ ਵਿੱਚ ਪ੍ਰਵਾਣ ਨਹੀਂ। ਪੂਰੇ ਗੁਰੂ ਤੇ ਹੀ ਨਿਸ਼ਚਾ ਹੋਵੇ ਤਾਂ ਸਿੱਖ ਦੀ ਜ਼ਿੰਦਗੀ ਬਦਲਦੀ ਹੈ, ਐਵੇਂ ਨਹੀਂ। ਸਿੱਖ ਦਾ ਨਿਸ਼ਚਾ ਤਾਂ ਮਨਮੱਤਿ ਨੂੰ ਦਬਾਉਂਦਾ ਹੈ ਤੇ ਉਹ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਦਾ ਹੈ। ਪਰ ਜਿਸ ਦੇ ਹਵਾਲੇ ਆਪਣਾ ਆਪ ਕੀਤਾ, ਜੇ ਉਹ ਸੱਚਾ ਨਹੀਂ ਤਾਂ ਸਿੱਖ ਨੂੰ ਕਿਵੇਂ ਸੱਚ ਤੱਕ ਪਹੁੰਚਾਵੇਗਾ?

– ਨਾਨਕ ਅੰਧਾ ਹੋਇ ਕੈ ਦਸੇ ਰਾਹੈ ਸਭਸੁ ਮੁਹਾਏ ਸਾਥੈ॥
ਅਗੈ ਗਇਆ ਮੁਹੇ ਮੁਹਿ ਪਾਹਿ ਸੁ ਐਸਾ ਆਗੂ ਜਾਪੈ॥ (੧੪੦)

– ਅੰਧੇ ਗੁਰੂ ਤੇ ਭਰਮੁ ਨ ਜਾਈ॥ (੨੩੨)

– ਅੰਧਾ ਆਗੂ ਜੇ ਥੀਐ ਕਿਉ ਪਾਧਰੁ ਜਾਣੈ॥ ਆਪਿ ਮੁਸੈ ਮਤਿ ਹੋਛੀਐ ਕਿਉ ਰਾਹੁ ਪਛਾਣੈ॥
ਕਿਉ ਰਾਹਿ ਜਾਵੈ ਮਹਲੁ ਪਾਵੈ ਅੰਧ ਕੀ ਮਤਿ ਅੰਧਲੀ॥
ਵਿਣੁ ਨਾਮ ਹਰਿ ਕੇ ਕਛੁ ਨ ਸੂਝੈ ਅੰਧੁ ਬੂਡੌ ਧੰਧਲੀ॥ (੭੬੭)

– ਕੇਤੇ ਗੁਰ ਚੇਲੇ ਫੁਨਿ ਹੂਆ॥ ਕਾਚੇ ਗੁਰ ਤੇ ਮੁਕਤਿ ਨ ਹੂਆ॥ (੯੩੨)

– ਗੁਰੂ ਜਿਨਾ ਕਾ ਅੰਧੁਲਾ ਸਿਖ ਭੀ ਅੰਧੇ ਕਰਮ ਕਰੇਨਿ॥ ਓਇ ਭਾਣੈ ਚਲਨਿ ਆਪਣੈ ਨਿਤ ਝੂਠੋ ਝੂਠੁ ਬੋਲੇਨਿ॥
ਕੂੜੁ ਕੁਸਤੁ ਕਮਾਵਦੇ ਪਰ ਨਿੰਦਾ ਸਦਾ ਕਰੇਨਿ॥ ਓਇ ਆਪਿ ਡੁਬੇ ਪਰ ਨਿੰਦਕਾ ਸਗਲੇ ਕੁਲ ਡੋਬੇਨਿ॥ (੯੫੧)

– ਅੰਧੇ ਕੈ ਰਾਹਿ ਦਸਿਐ ਅੰਧਾ ਹੋਇ ਸੁ ਜਾਇ॥ ਹੋਇ ਸੁਜਾਖਾ ਨਾਨਕਾ ਸੋ ਕਿਉ ਉਝੜਿ ਪਾਇ॥
ਅੰਧੇ ਏਹਿ ਨ ਆਖੀਅਨਿ ਜਿਨ ਮੁਖਿ ਲੋਇਣ ਨਾਹਿ॥ ਅੰਧੇ ਸੇਈ ਨਾਨਕਾ ਖਸਮਹੁ ਘੁਥੇ ਜਾਹਿ॥ (੯੫੪)

ਇਹੋ ਜਿਹੇ ਕਿਸੇ ਗੁਰੂ ਤੇ ਵਿਸ਼ਵਾਸ ਕੀਤਿਆਂ ਪਾਰ ਉਤਾਰਾ ਨਹੀਂ ਹੋਣਾ। ਸੱਚੇ ਗੁਰੂ ਦੀ ਸ਼ਰਨ ਹੀ ਸੁੱਖ ਵਿੱਚ ਲੈ ਜਾਵੇਗੀ। ਜੇ ਅਸੀਂ ਸੱਚੇ ਗੁਰੂ ਦੇ ਹੁਕਮਾਂ ਅਧੀਨ ਤੁਰੀਏ ਤਾਂ ਕਰਮ "ਰਹਿਤ" ਰੂਪ ਹੋ ਕੇ ਸੁਭਾਵ ਬਦਲਦੇ ਹਨ ਤੇ ਨਾਮ ਪ੍ਰਾਪਤ ਹੁੰਦਾ ਹੈ। ਐਵੇਂ ਕਰਮ ਹਉਮੈ ਦੇ ਆਸਰੇ ਕੀਤੇ ਹੋਏ ਸਾਡੇ ਬੰਧਨਾਂ ਨੂੰ ਪੱਕੇ ਕਰਦੇ ਹਨ।

- ਬਿਨੁ ਗੁਰ ਰੋਗੁ ਨ ਤੁਟਈ ਹਉਮੈ ਪੀੜ ਨ ਜਾਇ॥ ਗੁਰ ਪਰਸਾਦੀ ਮਨਿ ਵਸੈ ਨਾਮੇ ਰਹੈ ਸਮਾਇ॥
  ਗੁਰ ਸਬਦੀ ਹਰਿ ਪਾਈਐ ਬਿਨੁ ਸਬਦੈ ਭਰਮਿ ਭੁਲਾਇ॥ (੩੬)

- ਭਾਈ ਰੇ ਗੁਰ ਬਿਨੁ ਗਿਆਨੁ ਨ ਹੋਇ॥ ਪੂਛਹੁ ਬ੍ਰਹਮੇ ਨਾਰਦੈ ਬੇਦ ਬਿਆਸੈ ਕੋਇ॥ (੫੯)

- ਮਨੁ ਕੁੰਚਰੁ ਪੀਲਕੁ ਗੁਰੂ ਗਿਆਨੁ ਕੁੰਡਾ ਜਹ ਖਿੰਚੇ ਤਹ ਜਾਇ॥
  ਨਾਨਕ ਹਸਤੀ ਕੁੰਡੇ ਬਾਹਰਾ ਫਿਰਿ ਫਿਰਿ ਉਝੜਿ ਪਾਇ॥ (੫੧੬)

- ਅੰਧੇ ਚਾਨਣੁ ਤਾ ਥੀਐ ਜਾ ਸਤਿਗੁਰੁ ਮਿਲੈ ਰਜਾਇ॥ ਬੰਧਨ ਤੋੜੈ ਸਚਿ ਵਸੈ ਅਗਿਆਨੁ ਅਧੇਰਾ ਜਾਇ॥
  ਸਭੁ ਕਿਛੁ ਦੇਖੈ ਤਿਸੈ ਕਾ ਜਿਨਿ ਕੀਆ ਤਨੁ ਸਾਜਿ॥ ਨਾਨਕ ਸਰਣਿ ਕਰਤਾਰ ਕੀ ਕਰਤਾ ਰਾਖੈ ਲਾਜ॥ (੫੫੧)

- ਇਸੁ ਮਨ ਕਉ ਹੋਰੁ ਸੰਜਮੁ ਕੋ ਨਾਹੀ ਵਿਣੁ ਸਤਿਗੁਰ ਕੀ ਸਰਣਾਇ॥
  ਸਤਗੁਰਿ ਮਿਲਿਐ ਉਲਟੀ ਭਈ ਕਹਣਾ ਕਿਛੂ ਨ ਜਾਇ॥
  ਭਣਤਿ ਨਾਨਕੁ ਸਤਿਗੁਰ ਕਉ ਮਿਲਦੋ ਮਰੈ ਗੁਰ ਕੈ ਸਬਦਿ ਫਿਰਿ ਜੀਵੈ ਕੋਇ॥
  ਮਮਤਾ ਕੀ ਮਲੁ ਉਤਰੈ ਇਹੁ ਮਨੁ ਹਛਾ ਹੋਇ॥ (੫੫੮)

- ਬਿਨੁ ਸਤਿਗੁਰ ਸੇਵੇ ਜੀਅ ਕੇ ਬੰਧਨਾ ਜੇਤੇ ਕਰਮ ਕਮਾਹਿ॥
  ਬਿਨੁ ਸਤਿਗੁਰ ਸੇਵੇ ਠਵਰ ਨ ਪਾਵਹੀ ਮਰਿ ਜੰਮਹਿ ਆਵਹਿ ਜਾਹਿ॥
  ਬਿਨੁ ਸਤਿਗੁਰ ਸੇਵੇ ਫਿਕਾ ਬੋਲਣਾ ਨਾਮੁ ਨ ਵਸੈ ਮਨ ਆਇ॥
  ਨਾਨਕ ਬਿਨੁ ਸਤਿਗੁਰ ਸੇਵੇ ਜਮ ਪੁਰਿ ਬਧੇ ਮਾਰੀਅਨਿ ਮੁਹਿ ਕਾਲੈ ਉਠਿ ਜਾਹਿ॥ (੫੫੨)

- ਮਨਮੁਖ ਭਗਤਿ ਕਰਹਿ ਬਿਨੁ ਸਤਿਗੁਰ ਵਿਣੁ ਸਤਿਗੁਰ ਭਗਤਿ ਨ ਹੋਈ ਰਾਮ॥
  ਹਉਮੈ ਮਾਇਆ ਰੋਗਿ ਵਿਆਪੇ ਮਰਿ ਜਨਮਹਿ ਦੁਖੁ ਹੋਈ ਰਾਮ॥ (੭੬੮)

- ਜੇ ਕੋ ਗੁਰ ਤੇ ਵੇਮੁਖੁ ਹੋਵੈ ਬਿਨੁ ਸਤਿਗੁਰ ਮੁਕਤਿ ਨ ਪਾਵੈ॥
  ਪਾਵੈ ਮੁਕਤਿ ਨ ਹੋਰ ਥੈ ਕੋਈ ਪੁਛਹੁ ਬਿਬੇਕੀਆ ਜਾਏ॥
  ਅਨੇਕ ਜੂਨੀ ਭਰਮਿ ਆਵੈ ਵਿਣੁ ਸਤਿਗੁਰ ਮੁਕਤਿ ਨ ਪਾਏ॥
  ਫਿਰਿ ਮੁਕਤਿ ਪਾਏ ਲਾਗਿ ਚਰਣੀ ਸਤਿਗੁਰੂ ਸਬਦੁ ਸੁਣਾਏ॥
  ਕਹੈ ਨਾਨਕੁ ਵੀਚਾਰਿ ਦੇਖਹੁ ਵਿਣੁ ਸਤਿਗੁਰ ਮੁਕਤਿ ਨ ਪਾਏ॥ (੯੨੦)

- ਅੰਮ੍ਰਿਤੁ ਨੀਰੁ ਗਿਆਨਿ ਮਨ ਮਜਨੁ ਅਠਸਠਿ ਤੀਰਥ ਸੰਗਿ ਗਹੇ॥
  ਗੁਰ ਉਪਦੇਸਿ ਜਵਾਹਰ ਮਾਣਕ ਸੇਵੇ ਸਿਖੁ ਸੁ ਖੋਜਿ ਲਹੈ॥
  ਗੁਰ ਸਮਾਨਿ ਤੀਰਥੁ ਨਹੀ ਕੋਇ॥ ਸਰੁ ਸੰਤੋਖੁ ਤਾਸੁ ਗੁਰੁ ਹੋਇ॥ਰਹਾਉ॥
  ਗੁਰੁ ਦਰੀਆਉ ਸਦਾ ਜਲੁ ਨਿਰਮਲੁ ਮਿਲਿਆ ਦੁਰਮਤਿ ਮੈਲੁ ਹਰੈ॥
  ਸਤਿਗੁਰਿ ਪਾਇਐ ਪੂਰਾ ਨਾਵਣੁ ਪਸੂ ਪਰੇਤਹੁ ਦੇਵ ਕਰੈ॥
  ਰਤਾ ਸਚਿ ਨਾਮਿ ਤਲ ਹੀਅਲੁ ਸੋ ਗੁਰੁ ਪਰਮਲੁ ਕਹੀਐ॥
  ਜਾ ਕੀ ਵਾਸੁ ਬਨਾਸਪਤਿ ਸਉਰੈ ਤਾਸੁ ਚਰਣ ਲਿਵ ਰਹੀਐ॥
  ਗੁਰਮੁਖਿ ਜੀਅ ਪ੍ਰਾਨ ਉਪਜਹਿ ਗੁਰਮੁਖਿ ਸਿਵ ਘਰਿ ਜਾਈਐ॥

ਗੁਰਮੁਖਿ ਨਾਨਕ ਸਚਿ ਸਮਾਈਐ ਗੁਰਮੁਖਿ ਨਿਜ ਪਦੁ ਪਾਈਐ॥ (੧੩੨੮)

- ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ॥
ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ ਜਾਇ॥ ਬਿਨੁ ਸਤਿਗੁਰ ਭੇਟੇ ਮਹਾ ਦੁਖੁ ਪਾਇ॥
ਬਿਨੁ ਸਤਿਗੁਰ ਭੇਟੇ ਮਹਾ ਗਰਬਿ ਗੁਬਾਰਿ॥ ਨਾਨਕ ਬਿਨੁ ਗੁਰ ਮੁਆ ਜਨਮੁ ਹਾਰਿ॥ (੯੪੬)

ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਸਤਿਗੁਰ ਦੀ ਸੇਵਾ ਕੀ ਹੈ? ਗੁਰ ਸ਼ਬਦ ਵਿੱਚ ਮੇਲ ਅਰਥਾਤ ਸਤਿਗੁਰੂ ਜੀ ਦੇ ਹੁਕਮ ਵਿੱਚ ਤੁਰਨਾ ਇਹ ਸਤਿਗੁਰੂ ਦੀ ਸੇਵਾ ਹੈ ਅਤੇ ਉਹ ਹੁਕਮ ਨਾਮ ਵਿੱਚ ਪਰਵਿਰਤ ਹੋਣਾ ਹੈ।

- ਸਤਿਗੁਰ ਕੀ ਸੇਵਾ ਗਾਖੜੀ ਸਿਰੁ ਦੀਜੈ ਆਪੁ ਗਵਾਇ॥ ਸਬਦਿ ਮਿਲਹਿ ਤਾ ਹਰਿ ਮਿਲੈ ਸੇਵਾ ਪਵੈ ਸਭ ਥਾਇ॥
ਪਾਰਸਿ ਪਰਸਿਐ ਪਾਰਸੁ ਹੋਇ ਜੋਤੀ ਜੋਤਿ ਸਮਾਇ॥ (੨੭)

- ਹਉ ਗੁਰ ਪੂਛਉ ਆਪਣੇ ਗੁਰ ਪੁਛਿ ਕਾਰ ਕਮਾਉ॥ ਸਬਦਿ ਸਲਾਹੀ ਮਨਿ ਵਸੈ ਹਉਮੈ ਦੁਖੁ ਜਲਿ ਜਾਉ॥
ਸਹਜੇ ਹੋਇ ਮਿਲਾਵੜਾ ਸਾਚੇ ਸਾਚਿ ਮਿਲਾਉ॥
ਸਬਦਿ ਰਤੇ ਸੇ ਨਿਰਮਲੇ ਤਜਿ ਕਾਮ ਕ੍ਰੋਧੁ ਅਹੰਕਾਰੁ॥ ਨਾਮੁ ਸਲਾਹਨਿ ਸਦ ਸਦਾ ਹਰਿ ਰਾਖਹਿ ਉਰ ਧਾਰਿ॥
ਸੋ ਕਿਉ ਮਨਹੁ ਵਿਸਾਰੀਐ ਸਭ ਜੀਆ ਕਾ ਆਧਾਰੁ॥ ਸਬਦਿ ਮਰੈ ਸੋ ਮਰਿ ਰਹੈ ਫਿਰਿ ਮਰੈ ਨ ਦੂਜੀ ਵਾਰ॥
ਸਬਦੈ ਹੀ ਤੇ ਪਾਈਐ ਹਰਿ ਨਾਮੇ ਲਗੈ ਪਿਆਰੁ॥ ਬਿਨੁ ਸਬਦੈ ਜਗੁ ਭੂਲਾ ਫਿਰੈ ਮਰਿ ਜਨਮੈ ਵਾਰੋ ਵਾਰ॥ (੫੮)

- ਮਨ ਰੇ ਗੁਰ ਕੀ ਕਾਰ ਕਮਾਇ॥ ਗੁਰ ਕੈ ਭਾਣੈ ਜੇ ਚਲਹਿ ਤਾ ਅਨਦਿਨੁ ਰਾਚਹਿ ਹਰਿ ਨਾਇ॥ (੬੬)

- ਸਾ ਸੇਵਾ ਕੀਤੀ ਸਫਲ ਹੈ ਜਿਤੁ ਸਤਿਗੁਰ ਕਾ ਮਨੁ ਮੰਨੇ॥
ਜਾ ਸਤਿਗੁਰ ਕਾ ਮਨੁ ਮੰਨਿਆ ਤਾ ਪਾਪ ਕਸੰਮਲ ਭੰਨੇ॥
ਉਪਦੇਸੁ ਜਿ ਦਿਤਾ ਸਤਿਗੁਰੂ ਸੋ ਸੁਣਿਆ ਸਿਖੀ ਕੰਨੇ॥
ਜਿਨ ਸਤਿਗੁਰ ਕਾ ਭਾਣਾ ਮੰਨਿਆ ਤਿਨ ਚੜੀ ਚਵਗਣਿ ਵੰਨੇ॥
ਇਹ ਚਾਲ ਨਿਰਾਲੀ ਗੁਰਮੁਖੀ ਗੁਰ ਦੀਖਿਆ ਸੁਣਿ ਮਨੁ ਭਿੰਨੇ॥ (੩੧੪)

- ਗੁਰੁ ਸੇਵੇ ਸੋ ਠਾਕੁਰ ਜਾਨੈ॥ ਦੂਖੁ ਮਿਟੈ ਸਚੁ ਸਬਦਿ ਪਛਾਨੈ॥ (੪੧੬)

- ਘਘੈ ਘਾਲ ਸੇਵਕੁ ਜੇ ਘਾਲੈ ਸਬਦਿ ਗੁਰੂ ਕੈ ਲਾਗਿ ਰਹੈ॥
ਬੁਰਾ ਭਲਾ ਜੇ ਸਮ ਕਰਿ ਜਾਣੈ ਇਨ ਬਿਧਿ ਸਾਹਿਬੁ ਰਮਤੁ ਰਹੈ॥ (੪੩੨)

- ਨਾਨਕ ਐਸੇ ਸਤਿਗੁਰ ਕੀ ਕਿਆ ਓਹੁ ਸੇਵਕੁ ਸੇਵਾ ਕਰੇ ਗੁਰ ਆਗੈ ਜੀਉ ਧਰੇਇ॥
ਸਤਿਗੁਰ ਕਾ ਭਾਣਾ ਚਿਤਿ ਕਰੇ ਸਤਿਗੁਰੁ ਆਪੇ ਕ੍ਰਿਪਾ ਕਰੇਇ॥ (੪੯੦)

- ਸਤਿਗੁਰ ਕੀ ਸੇਵਾ ਗਾਖੜੀ ਸਿਰੁ ਦੀਜੈ ਆਪੁ ਗਵਾਇ॥
ਸਬਦਿ ਮਰਹਿ ਫਿਰਿ ਨਾ ਮਰਹਿ ਤਾ ਸੇਵਾ ਪਵੈ ਸਭ ਥਾਇ॥
ਪਾਰਸ ਪਰਸਿਐ ਪਾਰਸੁ ਹੋਵੈ ਸਚਿ ਰਹੈ ਲਿਵ ਲਾਇ॥
ਜਿਸੁ ਪੂਰਬਿ ਹੋਵੈ ਲਿਖਿਆ ਤਿਸੁ ਸਤਿਗੁਰੁ ਮਿਲੈ ਪ੍ਰਭੁ ਆਇ॥
ਨਾਨਕ ਗਣਤੈ ਸੇਵਕੁ ਨਾ ਮਿਲੈ ਜਿਸੁ ਬਖਸੇ ਸੋ ਪਵੈ ਥਾਇ॥ (੬੪੯)

ਪਰ ਇਹ ਸਤਿਗੁਰੂ ਦੀ ਸੇਵਾ ਮੈਲੇ ਚਿਤ ਨਾਲ ਨਹੀਂ ਹੋ ਸਕਦੀ।

- ਸਤਿਗੁਰ ਕੀ ਸੇਵਾ ਨਿਰਮਲੀ ਨਿਰਮਲ ਜਨੁ ਹੋਇ ਸੁ ਸੇਵਾ ਘਾਲੇ॥ (੩੦੪)

ਅਸਲ ਗੱਲ ਇਹ ਹੈ ਕਿ ਸਿੱਖ ਦਾ ਮੇਲ ਗੁਰੂ ਨਾਲ ਸ਼ਬਦ ਦੁਆਰਾ ਹੀ ਹੈ। ਆਪਣਾ ਤਜ਼ਰਬਾ ਸਿੱਖ ਪ੍ਰਤੀ ਸਤਿਗੁਰੂ ਸ਼ਬਦ (ਬਾਣੀ) ਦੁਆਰਾ ਹੀ ਪ੍ਰਗਟ ਕਰਦਾ ਹੈ ਅਤੇ ਸ਼ਬਦ ਦੇ ਰਾਹੀਂ ਹੀ ਸਦਾ ਰਾਹ ਦੱਸਦਾ ਹੈ। ਹੁਕਮ ਹੈ:

– ਸਤਿਗੁਰ ਨੋ ਸਭੁ ਕੋ ਵੇਖਦਾ ਜੇਤਾ ਜਗਤੁ ਸੰਸਾਰੁ॥ ਡਿਠੈ ਮੁਕਤਿ ਨ ਹੋਵਈ ਜਿਚਰੁ ਸਬਦਿ ਨ ਕਰੇ ਵੀਚਾਰੁ॥
ਹਉਮੈ ਮੈਲੁ ਨ ਚੁਕਈ ਨਾਮਿ ਨ ਲਗੈ ਪਿਆਰੁ॥ ਇਕਿ ਆਪੇ ਬਖਸਿ ਮਿਲਾਇਅਨੁ ਦੁਬਿਧਾ ਤਜਿ ਵਿਕਾਰ॥
ਨਾਨਕ ਇਕਿ ਦਰਸਨੁ ਦੇਖਿ ਮਰਿ ਮਿਲੇ ਸਤਿਗੁਰ ਹੇਤਿ ਪਿਆਰਿ॥ (੫੯੪)

– ਸਭਿ ਰਸ ਭੋਗਣ ਬਾਦਿ ਹਹਿ ਸਭਿ ਸੀਗਾਰ ਵਿਕਾਰ॥
ਜਬ ਲਗੁ ਸਬਦਿ ਨ ਭੇਦੀਐ ਕਿਉ ਸੋਹੈ ਗੁਰਦੁਆਰਿ॥ (੧੯)

– ਜੇਹਾ ਸਤਗੁਰੁ ਕਰਿ ਜਾਣਿਆ ਤੇਹੋ ਜੇਹਾ ਸੁਖੁ ਹੋਇ॥ ਏਹੁ ਸਹਸਾ ਮੂਲੇ ਨਾਹੀ ਭਾਉ ਲਾਏ ਜਨੁ ਕੋਇ॥
ਨਾਨਕ ਏਕ ਜੋਤਿ ਦੁਇ ਮੂਰਤੀ ਸਬਦਿ ਮਿਲਾਵਾ ਹੋਇ॥ (੩੦)

– ਸਤਿਗੁਰੁ ਖੋਟਿਅਹੁ ਖਰੇ ਕਰੇ ਸਬਦਿ ਸਵਾਰਣਹਾਰ॥ (੧੪੩)

– ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥
ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ॥

ਓਨ੍ਹਾ ਅੰਦਰਿ ਹੋਰੁ ਮੁਖਿ ਹੋਰੁ ਹੈ ਬਿਖੁ ਮਾਇਆ ਨੋ ਝਖਿ ਮਰਦੇ ਕੜੀਐ॥ (੩੦੪)

– ਵਣਜਾਰੇ ਸਿਖ ਆਵਦੇ ਸਬਦਿ ਲਘਾਵਣਹਾਰੁ॥ (੩੧੩)

– ਗੁਰ ਅੰਮ੍ਰਿਤ ਭਿੰਨੀ ਦੇਹੁਰੀ ਅੰਮ੍ਰਿਤੁ ਬੁਰਕੇ ਰਾਮ ਰਾਜੇ॥
ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ॥ (੪੪੯)

– ਅੰਮ੍ਰਿਤ ਬਚਨ ਸਤਿਗੁਰ ਕੀ ਬਾਣੀ ਜੋ ਬੋਲੈ ਸੋ ਮੁਖਿ ਅੰਮ੍ਰਿਤੁ ਪਾਵੈ॥ (੪੯੪)

– ਗੁਰਮੁਖਿ ਸਚੈ ਭਾਵਦੇ ਦਰਿ ਸਚੈ ਸਚਿਆਰ॥ ਸਾਜਨ ਮਨਿ ਆਨੰਦੁ ਹੈ ਗੁਰ ਕਾ ਸਬਦੁ ਵੀਚਾਰ॥
ਅੰਤਰਿ ਸਬਦੁ ਵਸਾਇਆ ਦੁਖੁ ਕਟਿਆ ਚਾਨਣੁ ਕੀਆ ਕਰਤਾਰਿ॥
ਨਾਨਕ ਰਖਣਹਾਰਾ ਰਖਸੀ ਆਪਣੀ ਕਿਰਪਾ ਧਾਰਿ॥ (੫੪੯)

– ਸਬਦੁ ਚੀਨਿ ਮਨੁ ਨਿਰਮਲੁ ਹੋਵੈ ਤਾ ਹਰਿ ਕੇ ਗੁਣ ਗਾਵੈ॥
ਗੁਰਮਤੀ ਆਪੈ ਆਪੁ ਪਛਾਣੈ ਤਾ ਨਿਜ ਘਰਿ ਵਾਸਾ ਪਾਵੈ॥ (੫੬੫)

– ਮੈ ਸਤਿਗੁਰ ਸੇਤੀ ਪਿਰਹੜੀ ਕਿਉ ਗੁਰ ਬਿਨੁ ਜੀਵਾ ਮਾਉ॥
ਮੈ ਗੁਰਬਾਣੀ ਆਧਾਰੁ ਹੈ ਗੁਰਬਾਣੀ ਲਾਗਿ ਰਹਾਉ॥ (੭੫੯)

– ਸਤਿਗੁਰੁ ਅੰਮ੍ਰਿਤ ਬਿਰਖੁ ਹੈ ਅੰਮ੍ਰਿਤ ਰਸਿ ਫਲਿਆ॥ਜਿਸੁ ਪਰਾਪਤਿ ਸੋ ਲਹੈ ਗੁਰ ਸਬਦੀ ਮਿਲਿਆ॥(੧੨੪੫)

ਗੁਰ ਸ਼ਬਦ ਕਮਾਉਣ ਨਾਲ ਹੀ ਨਾਮ ਦੀ ਪ੍ਰਾਪਤੀ ਹੈ।

– ਉਪਾਇ ਕਿਤੈ ਨ ਪਾਈਐ ਹਰਿ ਕਰਮ ਬਿਧਾਤਾ॥ ਗੁਰ ਸਬਦੀ ਹਰਿ ਮਨਿ ਵਸੈ ਹਰਿ ਸਹਜੇ ਜਾਤਾ॥
ਅੰਦਰਹੁ ਤ੍ਰਿਸਨਾ ਅਗਨਿ ਬੁਝੀ ਹਰਿ ਅੰਮ੍ਰਿਤ ਸਰਿ ਨਾਤਾ॥ (੫੧੦)

– ਜਿਨ ਸਬਦਿ ਗੁਰੂ ਸੁਣਿ ਮੰਨਿਆ ਤਿਨ ਮਨਿ ਧਿਆਇਆ ਹਰਿ ਸੋਇ॥
ਅਨਦਿਨੁ ਭਗਤੀ ਰਤਿਆ ਮਨੁ ਤਨੁ ਨਿਰਮਲੁ ਹੋਇ॥ (੨੭)

– ਤਿਨਾ ਅਨੰਦੁ ਸਦਾ ਸੁਖੁ ਹੈ ਜਿਨਾ ਸਚੁ ਨਾਮੁ ਆਧਾਰੁ॥ ਗੁਰ ਸਬਦੀ ਸਚੁ ਪਾਇਆ ਦੂਖ ਨਿਵਾਰਣਹਾਰੁ॥ (੩੬)

– ਜਿਨੀ ਸਤਿਗੁਰੁ ਸੇਵਿਆ ਤਿਨੀ ਨਾਉ ਪਾਇਆ ਬੂਝਹੁ ਕਰਿ ਬੀਚਾਰੁ॥
ਸਦਾ ਸਾਂਤਿ ਸੁਖੁ ਮਨਿ ਵਸੈ ਚੂਕੈ ਕੂਕ ਪੁਕਾਰ॥
ਆਪੈ ਨੋ ਆਪੁ ਖਾਇ ਮਨੁ ਨਿਰਮਲੁ ਹੋਵੈ ਗੁਰ ਸਬਦੀ ਵੀਚਾਰੁ॥
ਨਾਨਕ ਸਬਦਿ ਰਤੇ ਸੇ ਮੁਕਤੁ ਹੈ ਹਰਿ ਜੀਉ ਹੇਤਿ ਪਿਆਰੁ॥ (੮੬)

– ਗੁਰ ਸਬਦੀ ਮਨਿ ਨਾਮਿ ਨਿਵਾਸੁ॥ ਨਾਨਕ ਸਚੁ ਭਾਂਡਾ ਜਿਸੁ ਸਬਦ ਪਿਆਸ॥ (੧੫੮)

– ਸੁਣਿ ਸਿਖਿਐ ਸਾਦੁ ਨ ਆਇਓ ਜਿਚਰੁ ਗੁਰਮੁਖਿ ਸਬਦਿ ਨ ਲਾਗੈ॥
ਸਤਿਗੁਰਿ ਸੇਵਿਐ ਨਾਮੁ ਮਨਿ ਵਸੈ ਵਿਚਹੁ ਭ੍ਰਮੁ ਭਉ ਭਾਗੈ॥
ਜੇਹਾ ਸਤਿਗੁਰ ਨੋ ਜਾਣੈ ਤੇਹੋ ਹੋਵੈ ਤਾ ਸਚਿ ਨਾਮਿ ਲਿਵ ਲਾਗੈ॥
ਨਾਨਕ ਨਾਮਿ ਮਿਲੈ ਵਡਿਆਈ ਹਰਿ ਦਰਿ ਸੋਹਨਿ ਆਗੈ॥ (੫੯੦)

– ਪੂਰੇ ਗੁਰ ਤੇ ਆਪੁ ਪਛਾਤਾ ਸਬਦਿ ਸਚੈ ਵੀਚਾਰਾ॥
ਹਿਰਦੈ ਜਗਜੀਵਨੁ ਸਦ ਵਸਿਆ ਤਜਿ ਕਾਮੁ ਕ੍ਰੋਧੁ ਅਹੰਕਾਰਾ॥
ਸਦਾ ਹਜੂਰਿ ਰਵਿਆ ਸਭ ਠਾਈ ਹਿਰਦੈ ਨਾਮੁ ਅਪਾਰਾ॥
ਜੁਗਿ ਜੁਗਿ ਬਾਣੀ ਸਬਦਿ ਪਛਾਣੀ ਨਾਉ ਮੀਠਾ ਮਨਹਿ ਪਿਆਰਾ॥ (੬੦੨)

ਜਦੋਂ ਸਾਰੇ ਜੁਗਾਂ ਵਿੱਚ ਵਰਤਣ ਵਾਲੀ ਬਾਣੀ ਪਛਾਣੀ ਤਾਂ ਉਸ (ਸਬਦਿ) ਬਾਣੀ ਦੁਆਰਾ ਨਾਮ ਮਨ ਨੂੰ ਪਿਆਰਾ ਤੇ ਮਿੱਠਾ ਲੱਗਾ।

– ਗੁਰ ਤੇ ਸਾਤਿ ਸਹਜ ਸੁਖੁ ਬਾਣੀ॥ ਸੇਵਾ ਸਾਚੀ ਨਾਮਿ ਸਮਾਣੀ॥
ਸਬਦਿ ਮਿਲੈ ਪ੍ਰੀਤਮੁ ਸਦਾ ਧਿਆਏ॥ ਸਾਚ ਨਾਮਿ ਵਡਿਆਈ ਪਾਏ॥ (੬੬੪)

– ਅੰਤਰਿ ਸਬਦੁ ਮਿਟਿਆ ਅਗਿਆਨੁ ਅੰਧੇਰਾ॥ ਸਤਿਗੁਰ ਗਿਆਨੁ ਮਿਲਿਆ ਪ੍ਰੀਤਮੁ ਮੇਰਾ॥
ਜੋ ਸਚਿ ਰਾਤੇ ਤਿਨ ਬਹੁੜਿ ਨ ਫੇਰਾ॥ ਨਾਨਕ ਨਾਮੁ ਦ੍ਰਿੜਾਏ ਪੂਰਾ ਗੁਰੁ ਮੇਰਾ॥ (੭੯੮)

– ਜਪੁ ਤਪੁ ਸੰਜਮੁ ਹੋਰੁ ਕੋਈ ਨਾਹੀ॥ ਜਬ ਲਗੁ ਗੁਰ ਕਾ ਸਬਦੁ ਨ ਕਮਾਹੀ॥
ਗੁਰ ਕੈ ਸਬਦਿ ਮਿਲਿਆ ਸਚੁ ਪਾਇਆ ਸਚੇ ਸਚਿ ਸਮਾਇਦਾ॥ (੧੦੬੦)

– ਪੂਰੇ ਗੁਰ ਤੇ ਨਾਮੁ ਪਾਇਆ ਜਾਇ॥ ਜੋਗ ਜੁਗਤਿ ਸਚਿ ਰਹੈ ਸਮਾਇ॥
ਬਾਰਹ ਮਹ ਜੋਗੀ ਭਰਮਾਏ ਸੰਨਿਆਸੀ ਛਿਅ ਚਾਰਿ॥
ਗੁਰ ਕੈ ਸਬਦਿ ਜੋ ਮਰਿ ਜੀਵੈ ਸੋ ਪਾਏ ਮੋਖ ਦੁਆਰੁ॥ ਬਿਨੁ ਸਬਦੈ ਸਭਿ ਦੂਜੈ ਲਾਗੇ ਦੇਖਹੁ ਰਿਦੈ ਬੀਚਾਰਿ॥
ਨਾਨਕ ਵਡੇ ਸੇ ਵਡਭਾਗੀ ਜਿਨੀ ਸਚੁ ਰਖਿਆ ਉਰ ਧਾਰਿ॥ (੯੪੧)

– ਏਕੋ ਕਰਤਾ ਅਵਰੁ ਨ ਕੋਇ॥ ਗੁਰ ਸਬਦੀ ਮੇਲਾਵਾ ਹੋਇ॥ (੧੧੭੪)

– ਸਤਿਗੁਰ ਸਬਦੀ ਪਾਧਰੁ ਜਾਣਿ॥ ਗੁਰ ਕੈ ਤਕੀਐ ਸਾਚੈ ਤਾਣਿ॥
ਨਾਮੁ ਸਮ੍ਹਾਲਸਿ ਰੂੜੀ ਬਾਣਿ॥ ਥੈਂ ਭਾਵੈ ਦਰੁ ਲਹਸਿ ਪਿਰਾਣਿ॥ (੧੨੭੫)

ਕਈ ਸੱਜਣ ਇਹ ਭੁਲੇਖਾ ਖਾ ਜਾਂਦੇ ਹਨ ਕਿ ਗੁਰੂ ਸ਼ਬਦ ਗੁਰਬਾਣੀ ਨਹੀਂ ਹੈ। ਉਨ੍ਹਾਂ ਨੂੰ ਟਪਲਾ ਇਹ ਦਿੱਤਾ ਜਾਂਦਾ ਹੈ ਕਿ ਬਾਣੀ ਵੱਖਰੀ ਸ਼ੈਅ ਹੈ ਅਤੇ ਗੁਰ ਸ਼ਬਦ ਉਹ ਉਪਦੇਸ਼ ਹੈ ਜਿਹੜਾ ਕਿਸੇ ਦੇਹਧਾਰੀ ਵੱਲੋਂ ਲਿਆ ਜਾਵੇ। ਅਗਲੇ ਸ਼ਬਦ ਉਨ੍ਹਾਂ ਦਾ ਭਰਮ ਦੂਰ ਕਰਨਗੇ ਕਿ ਗੁਰੂ ਦਾ ਸ਼ਬਦ ਤੇ ਗੁਰਬਾਣੀ ਇੱਕੋ ਚੀਜ਼ ਹੈ।

- ਜੀਵਨ ਮੁਕਤਿ ਗੁਰ ਸਬਦੁ ਕਮਾਏ॥ ਹਰਿ ਸਿਉ ਸਦ ਹੀ ਰਹੈ ਸਮਾਏ॥
  ਗੁਰ ਕਿਰਪਾ ਤੇ ਮਿਲੈ ਵਡਿਆਈ ਹਉਮੈ ਰੋਗੁ ਨ ਤਾਹਾ ਹੇ॥.....
  ਜੀਉ ਪਿੰਡੁ ਸਭੁ ਹੈ ਤਿਸੁ ਕੇਰਾ॥ ਸਚਾ ਸਾਹਿਬੁ ਠਾਕੁਰੁ ਮੇਰਾ॥
  ਨਾਨਕ ਗੁਰਬਾਣੀ ਹਰਿ ਪਾਇਆ ਹਰਿ ਜਪੁ ਜਾਪਿ ਸਮਾਹਾ ਹੇ॥ (੧੦੫੮)

- ਮਾਇਆ ਮੋਹੁ ਸਬਦਿ ਜਲਾਏ॥ ਮਨੁ ਤਨੁ ਹਰਿਆ ਸਤਿਗੁਰ ਭਾਏ॥
  ਸਫਲਿਓ ਬਿਰਖੁ ਹਰਿ ਕੈ ਦੁਆਰਿ॥ ਸਾਚੀ ਬਾਣੀ ਨਾਮ ਪਿਆਰਿ॥ (੧੧੭੩)

- ਸਤਿਗੁਰੁ ਪੁਰਖੁ ਮਿਲਾਇ ਅਵਗਣ ਵਿਕਣਾ ਗੁਣ ਰਵਾ ਬਲਿ ਰਾਮ ਜੀਉ॥
  ਹਰਿ ਹਰਿ ਨਾਮੁ ਧਿਆਇ ਗੁਰਬਾਣੀ ਨਿਤ ਨਿਤ ਚਵਾ ਬਲਿ ਰਾਮ ਜੀਉ॥
  ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ॥
  ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ॥
  ਕਾਇਆ ਸੇਜ ਗੁਰ ਸਬਦਿ ਸੁਖਾਲੀ ਗਿਆਨ ਤਤਿ ਕਰਿ ਭੋਗੋ॥
  ਅਨਦਿਨੁ ਸੁਖਿ ਮਾਣੇ ਨਿਤ ਰਲੀਆ ਨਾਨਕ ਧੁਰਿ ਸੰਜੋਗੋ॥ (੭੭੩)

- ਸਾਚੀ ਬਾਣੀ ਮੀਠੀ ਅੰਮ੍ਰਿਤ ਧਾਰ॥ ਜਿਨਿ ਪੀਤੀ ਤਿਸੁ ਮੋਖ ਦੁਆਰ॥ (੧੨੭੫)

- ਗੁਰ ਕੀ ਬਾਣੀ ਸਿਉ ਲਾਇ ਪਿਆਰੁ॥ ਐਥੈ ਓਥੈ ਏਹੁ ਅਧਾਰੁ॥ ਆਪੇ ਦੇਵੈ ਸਿਰਜਨਹਾਰੁ॥ (੧੩੩੫)

- ਗੁਰੁ ਪੂਰਾ ਪੂਰੀ ਤਾ ਕੀ ਕਲਾ॥ ਗੁਰ ਕਾ ਸਬਦੁ ਸਦਾ ਸਦ ਅਟਲਾ॥
  ਗੁਰ ਕੀ ਬਾਣੀ ਜਿਸੁ ਮਨਿ ਵਸੈ॥ ਦੂਖੁ ਦਰਦੁ ਸਭੁ ਤਾ ਕਾ ਨਸੈ॥ (੧੩੩੯)

- ਭਗਤ ਜਨਾ ਕੀ ਊਤਮ ਬਾਣੀ ਜੁਗਿ ਜੁਗਿ ਰਹੀ ਸਮਾਈ॥ ਬਾਣੀ ਲਾਗੈ ਸੋ ਗਤਿ ਪਾਏ ਸਬਦੇ ਸਚਿ ਸਮਾਈ॥
  ਕਾਇਆ ਨਗਰੀ ਸਬਦੇ ਖੋਜੇ ਨਾਮੁ ਨਵੰ ਨਿਧਿ ਪਾਈ॥
  ਮਨਸਾ ਮਾਰਿ ਮਨੁ ਸਹਜਿ ਸਮਾਣਾ ਬਿਨੁ ਰਸਨਾ ਉਸਤਤਿ ਕਰਾਈ॥
  ਲੋਇਣ ਦੇਖਿ ਰਹੇ ਬਿਸਮਾਦੀ ਚਿਤੁ ਅਦਿਸਟਿ ਲਗਾਈ॥
  ਅਦਿਸਟੁ ਸਦਾ ਰਹੈ ਨਿਰਾਲਮੁ ਜੋਤੀ ਜੋਤਿ ਮਿਲਾਈ॥ (੯੦੯)

- ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ॥ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ॥
  ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ॥
  ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ॥
  ਕਹੈ ਨਾਨਕੁ ਸਦਾ ਗਾਵਹੁ ਏਹ ਸਚੀ ਬਾਣੀ॥ (੯੨੦)

- ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ॥
  ਇਹ ਬਾਣੀ ਮਹਾ ਪੁਰਖ ਕੀ ਨਿਜ ਘਰਿ ਵਾਸਾ ਹੋਇ॥ (੯੩੫)

- ਪ੍ਰਭ ਬੇਅੰਤ ਗੁਰਮਤਿ ਕੋ ਪਾਵਹਿ॥ ਗੁਰ ਕੈ ਸਬਦਿ ਮਨ ਕਉ ਸਮਝਾਵਹਿ॥
  ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਮਾਨਹੁ ਇਉ ਆਤਮ ਰਾਮੈ ਲੀਨਾ ਹੇ॥ (੧੦੨੮)

ਮੁੱਕਦੀ ਗੱਲ ਇਹ ਜਿਸ ਨੇ ਮਨ ਵੱਸ ਕਰਨਾ ਹੈ, ਅਨ੍ਹੇਰੇ ਵਿੱਚ ਚਾਨਣ ਲੱਭਣਾ ਹੈ, ਜਮ ਦਾ ਭੈਅ ਦੂਰ ਕਰਨਾ ਹੈ, ਉਹ ਗੁਰਬਾਣੀ ਵਿੱਚ ਮਨ ਲਾਏ ਤੇ ਇਸ ਦੇ ਵਿੱਚ ਦੱਸੇ ਉਪਦੇਸ਼ ਕਮਾਵੇ। ਅਜਿਹੇ ਸਿੱਖ ਨੂੰ ਨਾਮ ਦੀ ਦਾਤ ਮਿਲੇਗੀ।

- ਸਿਖਹੁ ਸਬਦੁ ਪਿਆਰਿਹੋ ਜਨਮ ਮਰਨ ਕੀ ਟੇਕ॥ ਮੁਖ ਊਜਲ ਸਦਾ ਸੁਖੀ ਨਾਨਕ ਸਿਮਰਤ ਏਕ॥ (੩੨੦)

- ਗੁਰ ਕਾ ਸਬਦੁ ਰਤੰਨੁ ਹੈ ਹੀਰੇ ਜਿਤੁ ਜੜਾਉ॥ ਸਬਦੁ ਰਤਨੁ ਜਿਤੁ ਮੰਨੁ ਲਾਗਾ ਏਹੁ ਹੋਆ ਸਮਾਉ॥
  ਸਬਦ ਸੇਤੀ ਮਨੁ ਮਿਲਿਆ ਸਚੈ ਲਾਇਆ ਭਾਉ॥ ਆਪੇ ਹੀਰਾ ਰਤਨੁ ਆਪੇ ਜਿਸ ਨੋ ਦੇਇ ਬੁਝਾਇ॥
  ਕਹੈ ਨਾਨਕੁ ਸਬਦੁ ਰਤਨੁ ਹੈ ਹੀਰਾ ਜਿਤੁ ਜੜਾਉ॥ (੯੨੦)

- ਅਫਰਿਓ ਜਮੁ ਮਾਰਿਆ ਨ ਜਾਈ॥ ਗੁਰ ਕੈ ਸਬਦੇ ਨੇੜਿ ਨ ਆਈ॥
  ਸਬਦੁ ਸੁਣੇ ਤਾ ਦੂਰਹੁ ਭਾਗੈ ਮਤੁ ਮਾਰੇ ਹਰਿ ਜੀਉ ਵੇਪਰਵਾਹਾ ਹੇ॥ (੧੦੫੪)

- ਸਤਿਗੁਰ ਕਾ ਸਚੁ ਸਬਦੁ ਕਮਾਵਹੁ॥ ਥਿਰੁ ਘਰਿ ਬੈਠੇ ਪ੍ਰਭੁ ਅਪਨਾ ਪਾਵਹੁ॥ (੩੯੬)

- ਬਿਨੁ ਗੁਰ ਸਬਦੈ ਮਨੁ ਨਹੀ ਠਉਰਾ॥
  ਸਿਮਰਹੁ ਰਾਮ ਨਾਮੁ ਅਤਿ ਨਿਰਮਲੁ ਅਵਰ ਤਿਆਗਹੁ ਹਉਮੈ ਕਉਰਾ॥ (੪੧੫)

- ਜਿਉ ਮੰਦਰ ਕਉ ਥਾਮੈ ਥੰਮਨੁ॥ ਤਿਉ ਗੁਰ ਕਾ ਸਬਦੁ ਮਨਹਿ ਅਸਥੰਮਨੁ॥ (੨੮੨)

- ਗੁਰ ਕੈ ਸਬਦਿ ਬਨਾਵਹੁ ਇਹੁ ਮਨੁ॥ ਗੁਰ ਕਾ ਦਰਸਨੁ ਸੰਚਹੁ ਹਰਿ ਧਨੁ॥ (੩੭੭)

- ਤ੍ਰੈ ਗੁਣ ਮਾਇਆ ਬ੍ਰਹਮ ਕੀ ਕੀਨ੍ਹੀ ਕਹਹੁ ਕਵਨ ਬਿਧਿ ਤਰੀਐ ਰੇ॥
  ਘੂਮਨ ਘੇਰ ਅਗਾਹ ਗਾਖਰੀ ਗੁਰ ਸਬਦੀ ਪਾਰਿ ਉਤਰੀਐ ਰੇ॥ (੪੦੪)

- ਗੁਰਬਾਣੀ ਗਾਵਹ ਭਾਈ॥ ਓਹ ਸਫਲ ਸਦਾ ਸੁਖਦਾਈ॥ (੬੨੮)

- ਗੁਰ ਪੂਰੇ ਕੀ ਬਾਣੀ॥ ਪਾਰਬ੍ਰਹਮ ਮਨਿ ਭਾਣੀ॥ (੬੨੯)

- ਪੂਰੇ ਗੁਰ ਕੀ ਸਾਚੀ ਬਾਣੀ॥ ਸੁਖ ਮਨ ਅੰਤਰਿ ਸਹਜਿ ਸਮਾਣੀ॥ (੬੬੩)

- ਸਚੀ ਭਗਤੀ ਮਨੁ ਲਾਲੁ ਥੀਆ ਰਤਾ ਸਹਜਿ ਸੁਭਾਇ॥ ਗੁਰ ਸਬਦੀ ਮਨੁ ਮੋਹਿਆ ਕਹਣਾ ਕਛੂ ਨ ਜਾਇ॥
  ਜਿਹਵਾ ਰਤੀ ਸਬਦਿ ਸਚੈ ਅੰਮ੍ਰਿਤੁ ਪੀਵੈ ਰਸਿ ਗੁਣ ਗਾਇ॥
  ਗੁਰਮੁਖਿ ਏਹੁ ਰੰਗੁ ਪਾਈਐ ਜਿਸ ਨੋ ਕਿਰਪਾ ਕਰੇ ਰਜਾਇ॥ (੩੬)

- ਗੁਰ ਕਾ ਸਬਦੁ ਰਿਦ ਅੰਤਰਿ ਧਾਰੈ॥ ਪੰਚ ਜਨਾ ਸਿਉ ਸੰਗੁ ਨਿਵਾਰੈ॥
  ਦਸ ਇੰਦ੍ਰੀ ਕਰਿ ਰਾਖੈ ਵਾਸਿ॥ ਤਾ ਕੈ ਆਤਮੈ ਹੋਇ ਪਰਗਾਸੁ॥ (੨੩੬)

- ਭਨਤਿ ਨਾਨਕੁ ਕਰੇ ਵੀਚਾਰੁ॥ ਸਾਚੀ ਬਾਣੀ ਸਿਉ ਧਰੇ ਪਿਆਰੁ॥
  ਤਾ ਕੋ ਪਾਵੈ ਮੋਖ ਦੁਆਰੁ॥ ਜਪੁ ਤਪੁ ਸਭੁ ਇਹੁ ਸਬਦੁ ਹੈ ਸਾਰੁ॥ (੬੬੧)

- ਮੁਕਤਿ ਮਹਾ ਸੁਖ ਗੁਰ ਸਬਦੁ ਬੀਚਾਰਿ॥ ਗੁਰਮੁਖਿ ਕਦੇ ਨ ਆਵੈ ਹਾਰਿ॥ (੯੪੨)

- ਗੁਰ ਕਾ ਸਬਦੁ ਅੰਮ੍ਰਿਤ ਰਸੁ ਪੀਉ॥ ਤਾ ਤੇਰਾ ਹੋਇ ਨਿਰਮਲ ਜੀਉ॥ (੮੯੧)

- ਚਹੁ ਦਿਸ ਫੂਲਿ ਰਹੀ ਬਿਖਿਆ ਬਿਖੁ ਗੁਰ ਮੰਤ੍ਰੁ ਮੂਖਿ ਗਰੁੜਾਰੀ॥

ਹਾਥ ਦੇਇ ਰਾਖਿਓ ਕਰਿ ਅਪੁਨਾ ਜਿਉ ਜਲ ਕਮਲਾ ਅਲਿਪਾਰੀ॥ (੧੨੦੯)

– ਗੁਰਮੁਖਿ ਜੋਗ ਸਬਦਿ ਆਤਮੁ ਚੀਨੈ ਹਿਰਦੈ ਏਕੁ ਮੁਰਾਰੀ॥
ਮਨੂਆ ਅਸਥਿਰੁ ਸਬਦੇ ਰਾਤਾ ਏਹਾ ਕਰਣੀ ਸਾਰੀ॥.....
ਸਬਦਿ ਸੂਰ ਜੁਗ ਚਾਰੇ ਅਉਧੂ ਬਾਣੀ ਭਗਤਿ ਵੀਚਾਰੀ॥ (੯੦੮)

– ਗੁਰ ਵਾਕੁ ਨਿਰਮਲੁ ਸਦਾ ਚਾਨਣੁ ਨਿਤ ਸਾਚੁ ਤੀਰਥੁ ਮਜਨਾ॥ (੬੮੭)

– ਦਿਨੁ ਰਾਤਿ ਚਾਨਣੁ ਚਾਉ ਉਪਜੈ ਸਬਦੁ ਗੁਰ ਕਾ ਮਨਿ ਵਸੈ॥
ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਰਾਹੁ ਪਾਧਰੁ ਗੁਰੁ ਦਸੈ॥ (੭੬੭)

– ਗੁਰ ਸੇਵਾ ਤੇ ਕਰਣੀ ਸਾਰ॥ ਰਾਮ ਨਾਮੁ ਰਾਖਹੁ ਉਰਿ ਧਾਰ॥
ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ॥ (੧੦੬੬)

– ਗੁਰ ਕੈ ਸਬਦਿ ਮਰਹਿ ਪੰਚ ਧਾਤੂ॥ ਭੈ ਪਾਰਬ੍ਰਹਮ ਹੋਵਹਿ ਨਿਰਮਲਾ ਤੂ॥
ਪਾਰਸੁ ਜਬ ਭੇਟੈ ਗੁਰੁ ਪੂਰਾ ਤਾ ਪਾਰਸੁ ਪਰਸਿ ਦਿਖਾਇਣਾ॥
ਕਈ ਬੈਕੁੰਠ ਨਾਹੀ ਲਵੈ ਲਾਗੇ॥ ਮੁਕਤਿ ਬਪੁੜੀ ਭੀ ਗਿਆਨੀ ਤਿਆਗੇ॥
ਏਕੰਕਾਰੁ ਸਤਿਗੁਰ ਤੇ ਪਾਈਐ ਹਉ ਬਲਿ ਬਲਿ ਗੁਰ ਦਰਸਾਇਣਾ॥ (੧੦੭੮)

ਇਹ ਬਾਣੀ ਕਰਤਾਰ ਨੇ ਸਤਿਗੁਰ ਵਿੱਚ ਰੱਖੀ ਤੇ ਉਨ੍ਹਾਂ ਪ੍ਰਗਟ ਕੀਤੀ। ਭਾਵ ਇਹ ਕਿ ਇਹ ਬਾਣੀ ਉਸ ਹਾਲਤ ਵਿੱਚ ਉਚਾਰੀ ਗਈ ਹੈ ਜਿਸ ਵਿੱਚ ਸਤਿਗੁਰ ਦੀ ਜੋਤਿ ਵਿਚਿ ਨਿਰੰਕਾਰੀ ਜੋਤਿ ਲੀਨ ਸੀ।

– ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ॥ (੪੬੬)

– ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ॥ (੫੬੬)

– ਗੁਰ ਮਹਿ ਆਪੁ ਸਮੋਇ ਸਬਦੁ ਵਰਤਾਇਆ॥ (੧੨੭੯)

– ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਜਾਣਹੁ ਗੁਰਸਿਖਹੁ ਹਰਿ ਕਰਤਾ ਆਪਿ ਮੁਹਹੁ ਕਢਾਏ॥ (੩੦੮)

ਇਹ ਬਾਣੀ ਅਟੱਲ ਹੈ:

– ਗੁਰ ਕਾ ਸਬਦੁ ਸਤਿ ਕਰਿ ਮਾਨੁ॥ (੮੯੭)

– ਮਾਈ ਸਤਿ ਸਤਿ ਸਤਿ ਹਰਿ ਸਤਿ ਸਤਿ ਸਤਿ ਸਾਧਾ॥
ਬਚਨੁ ਗੁਰੂ ਜੋ ਪੂਰੇ ਕਹਿਓ ਮੈ ਛੀਕਿ ਗਾਂਠਰੀ ਬਾਧਾ॥ਰਹਾਉ॥
ਨਿਸਿ ਬਾਸੁਰ ਨਖਿਅਤ੍ਰ ਬਿਨਾਸੀ ਰਵਿ ਸਸੀਅਰ ਬੇਨਾਧਾ॥
ਗਿਰਿ ਬਸੁਧਾ ਜਲ ਪਵਨ ਜਾਇਗੋ ਇਕਿ ਸਾਧ ਬਚਨ ਅਟਲਾਧਾ॥
ਅੰਡ ਬਿਨਾਸੀ ਜੇਰ ਬਿਨਾਸੀ ਉਤਭੁਜ ਸੇਤ ਬਿਨਾਧਾ॥
ਚਾਰਿ ਬਿਨਾਸੀ ਖਟਹਿ ਬਿਨਾਸੀ ਇਕਿ ਸਾਧ ਬਚਨ ਨਿਹਚਲਾਧਾ॥
ਰਾਜ ਬਿਨਾਸੀ ਤਾਮ ਬਿਨਾਸੀ ਸਾਤਕੁ ਭੀ ਬੇਨਾਧਾ॥
ਦ੍ਰਿਸਟਿਮਾਨ ਹੈ ਸਗਲ ਬਿਨਾਸੀ ਇਕਿ ਸਾਧ ਬਚਨ ਆਗਾਧਾ॥ (੧੨੦੪)

ਨਾਮ ਜਹਾਜ਼ ਹੈ ਤੇ ਉਸਦਾ ਮਲਾਹ ਗੁਰੂ ਹੈ ਜੋ ਸ਼ਬਦ ਦੁਆਰਾ ਤਾਰਦਾ ਹੈ।

– ਹਰਿ ਹਰਿ ਨਾਮੁ ਬੋਹਿਥੁ ਹੈ ਕਲਜੁਗਿ ਖੇਵਟੁ ਗੁਰ ਸਬਦਿ ਤਰਹੁ॥ (੭੯੯)

– ਹਰਿ ਹਰਿ ਨਾਮੁ ਪੋਤੁ ਹੈ ਮੇਰੀ ਜਿੰਦੁੜੀਏ ਗੁਰ ਖੇਵਟ ਸਬਦਿ ਤਰਾਇਆ ਰਾਮ॥ (੫੩੯)

ਇਹ ਬਾਣੀ ਸਤਿਗੁਰ ਤੋਂ ਉਪਜੀ ਹੈ ਪਰ ਇਹ ਸਚ ਵਿਚ ਜਾ ਸਮਾਈ ਹੈ।

– ਵਾਹੁ ਵਾਹੁ ਪੂਰੇ ਗੁਰ ਕੀ ਬਾਣੀ॥ ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ॥ (੭੫੪)

ਇਹ ਬਾਣੀ ਪੂਰਨ ਹੈ। ਉਨ੍ਹਾਂ ਉਚਾਰੀ ਹੈ ਜੋ ਮਾਇਆ ਦੇ ਘੇਰੇ ਤੋਂ ਬਾਹਰ ਹੋਏ ਹੋਏ ਤੇ ਨਿਰੰਕਾਰ ਵਿੱਚ ਲੀਨ ਸਨ। ਹੋਰ ਬਾਣੀਆਂ ਜਿਹੜੀਆਂ ਉਨ੍ਹਾਂ ਉਚਾਰੀਆਂ ਹਨ ਜਿਨ੍ਹਾਂ ਦੇ ਮਨ ਮਾਇਆ ਦੇ ਵਸ ਵਿੱਚ ਹਨ ਇਸਦੀ ਤੁਲਨਾ ਨਹੀਂ ਕਰ ਸਕਦੀਆਂ।

– ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ॥ ਬਾਣੀ ਤ ਕਚੀ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ॥
ਕਹਦੇ ਕਚੇ ਸੁਣਦੇ ਕਚੇ ਕਚੀ ਆਖਿ ਵਖਾਣੀ॥ ਹਰਿ ਹਰਿ ਨਿਤ ਕਰਹਿ ਰਸਨਾ ਕਹਿਆ ਕਛੂ ਨ ਜਾਣੀ॥
ਚਿਤੁ ਜਿਨ ਕਾ ਹਿਰਿ ਲਇਆ ਮਾਇਆ ਬੋਲਨਿ ਪਏ ਰਵਾਣੀ॥
ਕਹੈ ਨਾਨਕੁ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ॥ (੯੨੦)

ਜਿਤਨਾ ਗਿਆਨ ਜੋਗੀ ਨਾਦ ਸੁਣ ਕੇ ਪ੍ਰਾਪਤ ਕੀਤਾ ਦੱਸਦੇ ਹਨ ਜਾਂ ਵੇਦਾਂ ਵਿੱਚ ਕਹਿਆ ਜਾਂਦਾ ਹੈ ਉਹ ਸਭ ਬਾਣੀ ਵਾਲੇ ਨੂੰ ਪ੍ਰਾਪਤ ਹੈ।

– ਸਭਿ ਨਾਦ ਬੇਦ ਗੁਰਬਾਣੀ॥ ਮਨੁ ਰਾਤਾ ਸਾਰਿਗਪਾਣੀ॥
ਤਹ ਤੀਰਥ ਵਰਤ ਤਪ ਸਾਰੇ॥ ਗੁਰ ਮਿਲਿਆ ਹਰਿ ਨਿਸਤਾਰੇ॥ (੮੭੯)

ਵੇਦ ਬਹੁਤਾ ਕਰਮਾਂ ਦਾ ਪ੍ਰਚਾਰ ਕਰਦੇ ਹਨ। ਵਿਰਲਾ ਹੀ ਕਰਮਕਾਂਡੀ ਗਿਆਨ ਪ੍ਰਾਪਤ ਕਰਦਾ ਹੈ।

– ਬੇਦੁ ਪੁਕਾਰੇ ਪੁੰਨੁ ਪਾਪੁ ਸੁਰਗ ਨਰਕ ਕਾ ਬੀਉ॥ ਜੋ ਬੀਜੈ ਸੋ ਉਗਵੈ ਖਾਂਦਾ ਜਾਣੈ ਜੀਉ॥
ਗਿਆਨੁ ਸਲਾਹੇ ਵਡਾ ਕਰਿ ਸਚੋ ਸਚਾ ਨਾਉ॥ ਸਚੁ ਬੀਜੈ ਸਚੁ ਉਗਵੈ ਦਰਗਹ ਪਾਈਐ ਥਾਉ॥
ਬੇਦੁ ਵਪਾਰੀ ਗਿਆਨੁ ਰਾਸਿ ਕਰਮੀ ਪਲੈ ਹੋਇ॥ ਨਾਨਕ ਰਾਸੀ ਬਾਹਰਾ ਲਦਿ ਨ ਚਲਿਆ ਕੋਇ॥ (੧੨੪੩)

ਲੋਕੀ ਕਰਮਾਂ ਵਿੱਚ ਲਗੇ ਜਾਤਾਂ ਪਾਤਾਂ ਦੇ ਭਰਮ ਵਿੱਚ ਫਸੇ ਹੋਏ ਹਨ ਪਰ ਗੁਰਬਾਣੀ ਨੇ ਆ ਕੇ ਤੱਤ ਦਾ ਉਪਦੇਸ਼ ਕੀਤਾ।

– ਕਥਾ ਕਹਾਣੀ ਬੇਦੀਂ ਆਣੀ ਪਾਪੁ ਪੁੰਨੁ ਬੀਚਾਰੁ॥ ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ॥
ਉਤਮ ਮਧਿਮ ਜਾਤੀਂ ਜਿਨਸੀ ਭਰਮਿ ਭਵੈ ਸੰਸਾਰੁ॥
ਅੰਮ੍ਰਿਤ ਬਾਣੀ ਤਤੁ ਵਖਾਣੀ ਗਿਆਨ ਧਿਆਨ ਵਿਚਿ ਆਈ॥
ਗੁਰਮੁਖਿ ਆਖੀ ਗੁਰਮੁਖਿ ਜਾਤੀ ਸੁਰਤੀ ਕਰਮਿ ਧਿਆਈ॥
ਹੁਕਮੁ ਸਾਜਿ ਹੁਕਮੈ ਵਿਚਿ ਰਖੈ ਹੁਕਮੈ ਅੰਦਰਿ ਵੇਖੈ॥
ਨਾਨਕ ਅਗਹੁ ਹਉਮੈ ਤੁਟੈ ਤਾਂ ਕੋ ਲਿਖੀਐ ਲੇਖੈ॥ (੧੨੪੩)

ਇਹ ਬਾਣੀ ਜੋ ਸਤਿਗੁਰਾਂ ਦੇ ਰਾਹੀਂ ਪ੍ਰਗਟ ਹੋਈ ਹੈ, ਇਹੋ ਹੀ ਗੁਰੂ ਹੈ।

– ਪੂਰਾ ਬੈਰਾਗੀ ਸਹਜਿ ਸੁਭਾਗੀ ਸਚੁ ਨਾਨਕ ਮਨੁ ਮਾਨੰ॥ (੬੩੫)

– ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥ (੯੮੨)

– ਸਤਿਗੁਰ ਬਚਨ ਬਚਨ ਹੈ ਸਤਿਗੁਰ ਪਾਧਰੁ ਮੁਕਤਿ ਜਨਾਵੈਗੋ॥ (੧੩੦੯)

ਸਿੱਧਾਂ ਨੇ ਗੁਰੂ ਨਾਨਕ ਦੇਵ ਜੀ ਨੂੰ ਸਵਾਲ ਕੀਤਾ:

– ਕਵਣ ਮੂਲੁ ਕਵਣ ਮਤਿ ਵੇਲਾ॥ ਤੇਰਾ ਕਵਣੁ ਗੁਰੂ ਜਿਸ ਕਾ ਤੂ ਚੇਲਾ॥
ਕਵਣ ਕਥਾ ਲੇ ਰਹਹੁ ਨਿਰਾਲੇ॥ ਬੋਲੈ ਨਾਨਕੁ ਸੁਣਹੁ ਤੁਮ ਬਾਲੇ॥
ਏਸੁ ਕਥਾ ਕਾ ਦੇਇ ਬੀਚਾਰੁ॥ ਭਵਜਲੁ ਸਬਦਿ ਲੰਘਾਵਣਹਾਰੁ॥ (੯੪੨)

ਤਾਂ ਗੁਰੂ ਜੀ ਦਾ ਉੱਤਰ ਇਹ ਸੀ

– ਪਵਨ ਅਰੰਭੁ ਸਤਿਗੁਰ ਮਤਿ ਵੇਲਾ॥ ਸਬਦੁ ਗੁਰੂ ਸੁਰਤਿ ਧੁਨਿ ਚੇਲਾ॥
ਅਕਥ ਕਥਾ ਲੇ ਰਹਉ ਨਿਰਾਲਾ॥ ਨਾਨਕ ਜੁਗਿ ਜੁਗਿ ਗੁਰ ਗੋਪਾਲਾ॥
ਏਕੁ ਸਬਦੁ ਜਿਤੁ ਕਥਾ ਵੀਚਾਰੀ॥ ਗੁਰਮੁਖਿ ਹਉਮੈ ਅਗਨਿ ਨਿਵਾਰੀ॥ (੯੪੩)

ਕਈ ਸੱਜਣ ਇੱਕ ਸ਼ੰਕਾ ਕਰਦੇ ਹਨ ਕਿ ਜਦ ਤੱਕ ਦੇਹਧਾਰੀ ਗੁਰੂ ਨਾ ਹੋਵੇ, ਪਾਰ ਉਤਾਰਾ ਨਹੀਂ ਹੋ ਸਕਦਾ ਕਿਉਂਕਿ:

੧. ਬਾਣੀ ਦਾ ਅਰਥ ਕੌਣ ਦੱਸੇ।

੨. ਕਿਉਂਕਿ ਖ਼ਾਸ ਸ਼ਖ਼ਸੀਅਤਾਂ ਵਿੱਚ ਚੁੰਭਕੀ ਖਿੱਚ ਹੁੰਦੀ ਹੈ ਜਿਸ ਦੁਆਰਾ ਸਿੱਖ ਉੱਧਰ ਪ੍ਰੇਰਿਆ ਜਾਂਦਾ ਹੈ।

੩. ਗੁਰੂ ਨਿਰਾ ਉਪਦੇਸ਼ ਦੁਆਰਾ ਹੀ ਸਹਾਇਤਾ ਨਹੀਂ ਕਰਦਾ ਸਗੋਂ ਰੂਹਾਨੀ ਸ਼ਕਤੀ ਦੁਆਰਾ ਵੀ ਸਿੱਖ ਦੀ ਆਤਮਾ ਦੀ ਸਹਾਇਤਾ ਕਰਦਾ ਹੈ।

ਆਉ ਇਨ੍ਹਾਂ ਸ਼ੰਕਿਆਂ ਦੇ ਉੱਤਰ ਲਈ ਸਿਲਸਲੇ ਵਾਰ ਵਿਚਾਰ ਕਰੀਏ:

੧. ਜਿਨ੍ਹਾਂ ਰਾਹੀਂ ਬਾਣੀ ਪ੍ਰਗਟ ਹੋਈ ਹੈ ਉਹ ਗੁਰੂ ਹਨ। ਜਿਹੜੇ ਅਰਥ ਦੱਸਦੇ ਹਨ ਉਹ ਪ੍ਰਗਟ ਕਰਨ ਵਾਲਿਆਂ ਦੀ ਤੁਲਨਾ ਹਾਸਲ ਨਹੀਂ ਕਰ ਸਕਦੇ। ਸਕੂਲਾਂ, ਕਾਲਜਾਂ ਵਿੱਚ ਸੈਂਕੜੇ ਉਸਤਾਦ ਵੱਡੇ ਵੱਡੇ ਖੋਜੀਆਂ ਦੇ ਕੱਢੇ ਹੋਏ ਅਸੂਲ ਵਿਦਿਆਰਥੀਆਂ ਨੂੰ ਦੱਸਦੇ ਹਨ ਪਰ ਉਹ ਉਸ ਪਦਵੀ ਦਾ ਦਾਅਵਾ ਨਹੀਂ ਕਰਦੇ ਜੋ ਅਸਲੀ ਤੇ ਉੱਚੇ ਖੋਜੀਆਂ ਨੂੰ ਪ੍ਰਾਪਤ ਹੈ।

੨. ਚੁੰਭਕੀ ਸ਼ਕਤੀ ਸਰੀਰ ਵਿੱਚ ਹੈ ਜਾਂ ਜੀਵਨ ਵਿੱਚ? ਸਰੀਰ ਤਾਂ ਹਰ ਇੱਕ ਮਨੁੱਖ ਦਾ ਇੱਕੋ ਜਿਹੇ ਤੱਤਾਂ ਦਾ ਬਣਿਆ ਹੋਇਆ ਹੈ। ਵੱਖਰੇਵਾਂ ਰਹੁਰੀਤ ਵਿੱਚ ਹੁੰਦਾ ਹੈ ਤੇ ਜਿਨ੍ਹਾਂ ਨਿਰਮਲ ਰੀਤ ਧਾਰਨ ਕਰ ਲਈ ਹੈ ਉਨ੍ਹਾਂ ਵਿੱਚ ਜ਼ਰੂਰ ਖਿੱਚ ਪੈਦਾ ਹੋ ਜਾਂਦੀ ਹੈ। ਪਰ ਉਹ ਖਿੱਚ ਦੇਹ ਵਿੱਚ ਨਹੀਂ ਉਹ ਚਾਲ ਚਲਨ ਵਿੱਚ ਹੈ, ਜ਼ਿੰਦਗੀ ਦੇ ਰਵਈਏ ਵਿੱਚ ਹੈ। ਸਰੀਰ ਦੇ ਨਾਸ਼ ਹੋ ਜਾਣ ਨਾਲ ਇਹ ਅਸਰ ਨਾਸ਼ ਨਹੀਂ ਹੁੰਦਾ। ਸ਼ਹੀਦਾਂ ਦੇ ਜੀਵਨ ਤੇ ਧਾਰਮਿਕ ਆਗੂਆਂ ਦੇ ਜੀਵਨ ਰਹਿੰਦੀ ਦੁਨੀਆਂ ਤੱਕ ਆਪਣਾ ਅਸਰ ਪਾਈ ਜਾਂਦੇ ਹਨ।

ਦੂਜਾ ਖ਼ਿਆਲ ਇਹ ਹੈ ਕਿ ਸੱਚ ਦਾ ਅਸਰ ਵਧੇਰੇ ਹੁੰਦਾ ਹੈ ਜਦੋਂ ਕਿਸੇ ਖ਼ਾਸ ਮਨੁੱਖ ਦੀ ਜ਼ਿੰਦਗੀ ਵਿੱਚ ਵਰਤਦਾ ਵੇਖੀਏ। ਇਹ ਠੀਕ ਹੈ ਤੇ ਇਸੇ ਲਈ ਸਿੱਖੀ ਮੰਡਲ ਵਿੱਚ ਸੰਤਾਂ ਗੁਰਮੁਖਾਂ ਦੀ ਲੋੜ ਹੈ। ਹਰ ਰੋਜ਼ ਅਰਦਾਸ ਕੀਤੀ ਜਾਂਦੀ ਹੈ "ਸਾਧੂ ਦਾ ਸੰਗ, ਗੁਰਮੁਖ ਦਾ ਮੇਲ"। ਪਰ ਜੋ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਤੋੜ ਪੁੱਜੇ ਹਨ, ਉਹ ਕਦੀ ਗੁਰੂ ਦੀ ਬਰਾਬਰੀ ਦਾ ਦਾਅਵਾ ਨਹੀਂ ਕਰਨਗੇ। ਗੁਰੂ ਤਾਂ ਉਹ ਸਨ ਜਿਨ੍ਹਾਂ ਪੰਥ ਪ੍ਰਗਟ ਕੀਤਾ, ਉਨ੍ਹਾਂ ਦਾ ਦਰਜ਼ਾ ਸਭ ਤੋਂ ਉੱਚਾ ਹੈ। ਇਸ ਦਾ ਭਾਵ ਇਹ ਨਹੀਂ ਕਿ ਸਿੱਖ, ਸੰਤ, ਗੁਰਮੁਖ ਉਸ ਰੂਹਾਨੀ ਦਰਜ਼ੇ ਤੱਕ ਨਹੀਂ ਪੁੱਜਦੇ ਜਿੱਥੋਂ ਤੱਕ ਸਤਿਗੁਰੂ ਪੁੱਜੇ ਹਨ। ਨਹੀਂ, ਸਿੱਖ ਉਥੇ ਪੁੱਜ ਕੇ ਵੀ ਸਤਿਗੁਰੂ ਦੀ ਬਰਾਬਰੀ ਦਾ ਦਾਅਵਾ ਨਹੀਂ ਕਰਦੇ ਉਹ ਦੂਜੇ ਸਿੱਖ ਨੂੰ ਉਪਦੇਸ਼ ਕਰਦੇ ਹੋਏ ਇਹੋ ਕੀ ਕਹਿੰਦੇ ਹਨ:

– ਹਉ ਆਪਹੁ ਬੋਲਿ ਨ ਜਾਣਦਾ ਮੈ ਕਹਿਆ ਸਭੁ ਹੁਕਮਾਉ ਜੀਉ॥ (੭੬੩)

ਇਸੇ ਲਈ ਸਤਿਗੁਰੂ ਦੇ ਹੁੰਦਿਆਂ ਕਿਸੇ ਸੱਚੇ ਸਿੱਖ ਭਾਈ ਗੁਰਦਾਸ, ਬਾਬਾ ਬੁੱਢਾ ਜੀ ਆਦਿ ਨੇ ਗੁਰੂ ਹੋਣ ਦਾ ਦਾਅਵਾ ਨਹੀਂ ਕੀਤਾ। ਨਾਂ ਹੀ ਦਸਮ ਪਿਤਾ ਤੋਂ ਪਿੱਛੋਂ ਭਾਈ ਮਨੀ ਸਿੰਘ, ਭਾਈ ਤਾਰੂ ਸਿੰਘ ਜੀ ਵਰਗੇ ਸ਼ਹੀਦਾਂ ਇਹ ਕਿਹਾ ਕਿ ਅਸੀਂ ਗੁਰੂ ਹਾਂ।

੩. ਉਪਰਲੀ ਗੁਰਬਾਣੀ ਵਿਚਾਰ ਰਾਹੀਂ ਪਹਿਲਾਂ ਇਹ ਸਿੱਧ ਹੋ ਚੁੱਕਾ ਹੈ ਕਿ ਗੁਰੂ ਨਾਲ ਮਿਲਾਪ ਬਾਣੀ ਦੁਆਰਾ ਹੀ ਹੋ ਸਕਦਾ ਹੈ ਅਤੇ ਹੁਣ ਵੀ ਜਿਹੜੇ ਦੇਹਧਾਰੀ ਗੁਰੂ ਅਖਵਾਉਂਦੇ ਹਨ, ਉਹ ਆਪਣੇ ਭਾਵ ਬਾਣੀ ਦੁਆਰਾ ਹੀ ਪ੍ਰਗਟ ਕਰਦੇ ਹਨ। ਪਰ ਜੇ ਇਹ ਕਹੀਏ ਕਿ ਗੁਰੂ ਆਪਣੀ ਆਤਮਿਕ ਸ਼ਕਤੀ ਦੁਆਰਾ ਸਹਾਇਤਾ ਕਰਦੇ ਹਨ ਤਾਂ ਫਿਰ ਉਹ ਗੁਰੂ ਜਿਨ੍ਹਾਂ ਦੀ ਆਤਮਾ ਦੇਹ ਦੀ ਕੈਦ ਵਿੱਚੋਂ ਨਿਕਲ ਕੇ ਸਰਬ ਵਿਆਪਕ ਨਿਰੰਕਾਰ ਵਿੱਚ ਲੀਨ ਹੋ ਗਈ ਹੈ, ਵਧੇਰੇ ਸਹਾਇਤਾ ਕਰ ਸਕਦੇ ਹਨ। ਆਤਮਾ ਦਾ ਤਾਂ ਨਾਸ ਨਹੀਂ ਹੁੰਦਾ ਅਤੇ ਦਸ ਗੁਰੂ ਸਾਹਿਬਾਨ ਆਤਮ ਮੰਡਲ ਵਿੱਚ ਪੂਰਨ ਆਤਮਿਕ ਜ਼ਿੰਦਗੀ ਦੇ ਮਾਲਕ ਹਨ, ਫਿਰ ਉਹ ਪੂਰੀ ਮਦਦ ਦੇ ਸਕਦੇ ਹਨ ਇਸ ਲਈ ਕਿਸੇ ਹੋਰ ਮਨੁੱਖ ਨੂੰ ਗੁਰੂ ਮੰਨਣ ਦੀ ਕੀ ਲੋੜ?

ਸਿੱਖੀ ਮੰਡਲ ਦਾ ਇਹ ਅਸੂਲ ਕਿ ਦਸ ਗੁਰੂ ਸਾਹਿਬਾਨ ਇਕੋ ਰੂਪ ਹਨ, ਠੀਕ ਵੀ ਤਦੋਂ ਹੀ ਹੋ ਸਕਦਾ ਹੈ ਜਦ ਸ਼ਬਦ ਗੁਰੂ ਨੂੰ ਗੁਰੂ ਮੰਨੀਏ। ਦੇਹਾਂ ਤਾਂ ਸਾਰੇ ਗੁਰੂ ਸਾਹਿਬਾਨਾਂ ਦੀਆਂ ਵੱਖ ਵੱਖ ਸਨ ਪਰ ਜੋਤ ਇੱਕੋ ਸੀ, ਭਾਵ, ਉਹ ਰੌਸ਼ਨੀ ਜੋ ਉਨ੍ਹਾਂ ਰਾਹੀਂ ਪ੍ਰਗਟ ਹੋ ਰਹੀ ਸੀ, ਉਹ ਇਕੋ ਸੀ।

– ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ॥ (੬੪੬)

ਫਿਰ ਤੀਜੀ ਪਾਤਸ਼ਾਹੀ ਨੇ ਵੀ ਇਹੋ ਫੁਰਮਾਇਆ ਹੈ ਕਿ ਗੁਰ ਸ਼ਬਦ ਗੁਰੂ ਤੋਂ ਹੀ ਪ੍ਰਗਟ ਹੁੰਦਾ ਹੈ, ਹੋਰ ਥਾਵੇਂ ਨਹੀਂ ਟਿਕਦਾ।

– ਪਰਾਈ ਅਮਾਣ ਕਿਉ ਰਖੀਐ ਦਿਤੀ ਹੀ ਸੁਖੁ ਹੋਇ॥
ਗੁਰ ਕਾ ਸਬਦੁ ਗੁਰ ਥੈ ਟਿਕੈ ਹੋਰ ਥੈ ਪਰਗਟੁ ਨ ਹੋਇ॥ (੧੨੪੯)

ਸਤੇ ਬਲਵੰਡ ਨੇ ਰਾਮਕਲੀ ਦੀ ਵਾਰ ਵਿੱਚ ਗੁਰ ਦਰਬਾਰ ਦੀ ਨਿਸ਼ਾਨੀ ਸ਼ਬਦ ਹੀ ਦੱਸੀ ਹੈ।

– ਲੰਗਰੁ ਚਲੈ ਗੁਰ ਸਬਦਿ ਹਰਿ ਤੋਟਿ ਨ ਆਵੀ ਖਟੀਐ॥ (੯੬੭)

– ਦਰਿ ਦਰਵੇਸੁ ਖਸੰਮ ਦੈ ਨਾਇ ਸਚੈ ਬਾਣੀ ਲਾਲੀ॥ (੯੬੭)

ਬਾਣੀ ਨੂੰ ਅਜਿਹਾ ਉੱਚਾ ਦਰਜ਼ਾ ਦਿੱਤਾ ਹੈ ਕਿ ਸਤਿਗੁਰਾਂ ਇੱਥੋਂ ਤੱਕ ਫੁਰਮਾ ਦਿੱਤਾ ਹੈ ਕਿ ਮਤਾ ਕੋਈ ਸਿੱਖ ਮੇਰੇ ਕਰਤੱਵਾਂ ਨੂੰ ਗਲਤ ਸਮਝ ਕੇ ਉਨ੍ਹਾਂ ਨੂੰ ਪ੍ਰਮਾਣ ਜਾਣੇ ਤੇ ਬਾਣੀ ਨੂੰ ਛੱਡ ਦੇਵੇ।

– ਗੁਰਿ ਕਹਿਆ ਸਾ ਕਾਰ ਕਮਾਵਹੁ॥ ਗੁਰ ਕੀ ਕਰਣੀ ਕਾਹੇ ਪਾਵਹੁ॥ਨਾਨਕ ਗੁਰਮਤਿ ਸਾਚਿ ਸਮਾਵਹੁ॥ (੯੩੩)

ਗੁਰਮਤਿ ਵਿੱਚ ਇਸ ਲਈ ਮੁੱਢ ਤੋਂ ਹੀ ਬਾਣੀ ਨੂੰ ਗੁਰੂ ਮੰਨਿਆ ਹੈ। ਇਸ ਸ਼ਬਦ ਨੂੰ ਕਮਾਉਣ ਵਾਲਿਆਂ ਲਈ ਗੁਰਮੁਖ, ਸੰਤ, ਸਾਧ ਆਦਿ ਪਦ ਵਰਤੇ ਗਏ ਹਨ।

ਜਿਹੜੇ ਗੁਰੂ ਸਦਾਉਣ ਵਾਲੇ ਸੱਜਣ ਦੇਹਧਾਰੀ ਗੁਰੂ ਨਾਲੋਂ ਬਾਣੀ ਨੂੰ ਘਟੀਆ ਦਰਜ਼ਾ ਦਿੰਦੇ ਹਨ, ਉਹ ਇੱਕ ਗੱਲ ਭੁੱਲ ਜਾਂਦੇ ਹਨ। ਜਦੋਂ ਉਨ੍ਹਾਂ ਦੀ ਆਪਣੀ ਦੇਹ ਬਿਨਸ ਜਾਵੇਗੀ ਤਾਂ ਕੀ ਉਨ੍ਹਾਂ ਦਾ ਹੁਣ ਦਾ ਉਪਦੇਸ਼ ਸੱਚਾ ਨਹੀਂ ਰਹੇਗਾ? ਇਵੇਂ ਮੰਨੀਏ ਤਾਂ ਕਿਸੇ ਧਾਰਮਿਕ ਪੁਸਤਕ ਦਾ ਰਤਾ ਭੀ ਮੁੱਲ ਨਹੀਂ ਰਹਿੰਦਾ।

ਕਈਆਂ ਦਾ ਕਹਿਣਾ ਹੈ ਕਿ ਪੋਥੀ ਤਾਂ ਬੋਲਦੀ ਨਹੀਂ, ਦੇਹਧਾਰੀ ਗੁਰੂ ਆਪ ਉਪਦੇਸ਼ ਕਰਦਾ ਹੈ। ਉਨ੍ਹਾਂ ਨੂੰ ਭੁਲੇਖਾ ਹੈ, ਪੋਥੀ ਬੋਲਦੀ ਹੈ, ਉਸਦੀ ਅਵਾਜ਼ ਅੱਖਾਂ ਰਾਹੀਂ ਅੰਦਰ ਪੁੱਜਦੀ ਹੈ ਜਿਵੇਂ ਜਿਉਂਦੇ ਮਨੁੱਖ ਦੀ ਕੰਨਾਂ ਰਾਹੀਂ। ਜਿਹੋ ਜਿਹੀ ਅੱਖ ਗਿਆਨ ਇੰਦਰੀ ਹੈ, ਉਵੇਂ ਹੀ ਕੰਨ ਹਨ, ਫ਼ਰਕ ਕੀ ਹੋਇਆ?

ਸਤਿਗੁਰੂ ਦੀ ਸ਼ਰਨ ਜਦੋਂ ਸਿੱਖ ਲੈਂਦਾ ਹੈ ਤਾਂ ਫਲ ਕਿਹੜੇ ਸਿੱਖ ਨੂੰ ਮਿਲਦਾ ਹੈ, ਭਾਵ, ਸ਼ਰਨ ਲੈਣ ਦਾ ਅਰਥ ਕੀ ਹੈ?

– ਸਤਿਗੁਰਿ ਮਿਲਿਐ ਫਲੁ ਪਾਇਆ॥ ਜਿਨਿ ਵਿਚਹੁ ਅਹਕਰਣੁ ਚੁਕਾਇਆ॥
ਦੁਰਮਤਿ ਕਾ ਦੁਖੁ ਕਟਿਆ ਭਾਗੁ ਬੈਠਾ ਮਸਤਕਿ ਆਇ ਜੀਉ॥.....
ਸਤਿਗੁਰੁ ਮਿਲਿਆ ਜਾਣੀਐ॥ ਜਿਤੁ ਮਿਲਿਐ ਨਾਮੁ ਵਖਾਣੀਐ॥
ਸਤਿਗੁਰ ਬਾਝੁ ਨ ਪਾਇਓ ਸਭ ਥਕੀ ਕਰਮ ਕਮਾਇ ਜੀਉ॥ (੭੨)

– ਸੋ ਸਿਖੁ ਸਖਾ ਬੰਧਪੁ ਹੈ ਭਾਈ ਜਿ ਗੁਰ ਕੇ ਭਾਣੇ ਵਿਚਿ ਆਵੈ॥
ਆਪਣੈ ਭਾਣੈ ਜੋ ਚਲੈ ਭਾਈ ਵਿਛੁੜਿ ਚੋਟਾ ਖਾਵੈ॥
ਬਿਨੁ ਸਤਿਗੁਰ ਸੁਖੁ ਕਦੇ ਨ ਪਾਵੈ ਭਾਈ ਫਿਰਿ ਫਿਰਿ ਪਛੋਤਾਵੈ॥ (੬੦੧)

– ਸੇਵਕ ਸਿਖ ਪੂਜਣ ਸਭਿ ਆਵਹਿ ਸਭਿ ਗਾਵਹਿ ਹਰਿ ਹਰਿ ਊਤਮ ਬਾਨੀ॥
ਗਾਵਿਆ ਸੁਣਿਆ ਤਿਨ ਕਾ ਹਰਿ ਥਾਇ ਪਾਵੈ ਜਿਨ ਸਤਿਗੁਰ ਕੀ ਆਗਿਆ ਸਤਿ ਸਤਿ ਕਰਿ ਮਾਨੀ॥ (੬੬੯)

– ਸੋਈ ਸੇਵਕੁ ਜੇ ਸਤਿਗੁਰ ਸੇਵੇ ਚਾਲੈ ਸਤਿਗੁਰ ਭਾਏ॥ ਸਾਚਾ ਸਬਦੁ ਸਿਫਤਿ ਹੈ ਸਾਚੀ ਸਾਚਾ ਮੰਨਿ ਵਸਾਏ॥
ਸਚੀ ਬਾਣੀ ਗੁਰਮੁਖਿ ਆਖੈ ਹਉਮੈ ਵਿਚਹੁ ਜਾਏ॥ ਆਪੇ ਦਾਤਾ ਕਰਮੁ ਹੈ ਸਾਚਾ ਸਾਚਾ ਸਬਦੁ ਸੁਣਾਏ॥.....
ਨਾਨਕ ਤਿਸ ਦਾ ਸਭੁ ਕਿਛੁ ਹੋਵੈ ਜਿ ਵਿਚਹੁ ਆਪੁ ਗਵਾਏ॥ (੭੫੩)

– ਜੇ ਕੋ ਸਿਖੁ ਗੁਰੂ ਸੇਤੀ ਸਨਮੁਖੁ ਹੋਵੈ॥ ਹੋਵੈ ਤ ਸਨਮੁਖੁ ਸਿਖੁ ਕੋਈ ਜੀਅਹੁ ਰਹੈ ਗੁਰ ਨਾਲੇ॥
ਗੁਰ ਕੇ ਚਰਨ ਹਿਰਦੈ ਧਿਆਏ ਅੰਤਰ ਆਤਮੈ ਸਮਾਲੇ॥
ਆਪੁ ਛਡਿ ਸਦਾ ਰਹੈ ਪਰਣੈ ਗੁਰ ਬਿਨੁ ਅਵਰੁ ਨ ਜਾਣੈ ਕੋਏ॥
ਕਹੈ ਨਾਨਕੁ ਸੁਣਹੁ ਸੰਤਹੁ ਸੋ ਸਿਖੁ ਸਨਮੁਖੁ ਹੋਏ॥ (੯੧੯)

– ਸਤਿਗੁਰਿ ਮਿਲਿਐ ਸਦਾ ਸੁਖੁ ਜਿਸ ਨੋ ਆਪੇ ਮੇਲੇ ਸੋਇ॥ ਸੁਖੈ ਏਹੁ ਬਿਬੇਕੁ ਹੈ ਅੰਤਰੁ ਨਿਰਮਲੁ ਹੋਇ॥
ਅਗਿਆਨ ਕਾ ਭ੍ਰਮੁ ਕਟੀਐ ਗਿਆਨੁ ਪਰਾਪਤਿ ਹੋਇ॥
ਨਾਨਕ ਏਕੋ ਨਦਰੀ ਆਇਆ ਜਹ ਦੇਖਾ ਤਹ ਸੋਇ॥ (੯੪੭)

– ਗੁਰਿ ਰਾਖੇ ਸੇ ਉਬਰੇ ਸਬਦਿ ਰਤੇ ਮਨ ਮਾਹਿ ਜੀਉ॥ (੭੫੧)

ਮੁੱਕਦੀ ਗੱਲ ਇਹ ਹੈ ਕਿ ਉਸੇ ਸਿੱਖ ਨੂੰ ਪ੍ਰਾਪਤੀ ਹੋਵੇਗੀ ਜਿਹੜਾ ਆਪਾ ਮਾਰ ਕੇ ਗੁਰੂ ਦੇ ਹੁਕਮ ਵਿੱਚ ਤੁਰੇਗਾ।

– ਬੀਸ ਬਿਸਵੈ ਗੁਰ ਕਾ ਮਨੁ ਮਾਨੈ॥ ਸੋ ਸੇਵਕੁ ਪਰਮੇਸਰੁ ਕੀ ਗਤਿ ਜਾਨੈ॥ (੨੮੭)

ਅਜਿਹਾ ਸਿੱਖ ਫਿਰ ਨਾਮ ਵਿੱਚ ਲੀਨ ਹੋਵੇਗਾ।

– ਸੋ ਗੁਰੂ ਸੋ ਸਿਖੁ ਹੈ ਭਾਈ ਜਿਸੁ ਜੋਤੀ ਜੋਤਿ ਮਿਲਾਇ॥ (੬੦੨)

ਕਿਉਂਕਿ ਸਤਿਗੁਰ ਦੇ ਹੁਕਮ ਵਿੱਚ ਚਲਣ ਨਾਲ ਹਉਮੈ ਦਾ ਨਾਸ਼ ਹੁੰਦਾ ਹੈ ਤੇ ਫਿਰ ਸਿੱਖ ਗੁਰੂ ਦੀ ਦੀਖਿਆ ਵਿੱਚ ਸਮਾਉਂਦਾ ਹੈ। ਉਹ ਦੀਖਿਆ ਕੀ ਹੈ?

- ਨਾਨਕ ਕਉ ਗੁਰਿ ਦੀਖਿਆ ਦੀਨ੍॥ ਪ੍ਰਭ ਅਬਿਨਾਸੀ ਘਟਿ ਘਟਿ ਚੀਨ੍॥ (੩੭੬)

- ਤਿਨ੍ਹਾ ਮਿਲਿਆ ਗੁਰੁ ਆਇ ਜਿਨ ਕਉ ਲੀਖਿਆ॥ ਅੰਮ੍ਰਿਤੁ ਹਰਿ ਕਾ ਨਾਉ ਦੇਵੈ ਦੀਖਿਆ॥
ਚਾਲਹਿ ਸਤਿਗੁਰ ਭਾਇ ਭਵਹਿ ਨ ਭੀਖਿਆ॥ (੭੨੯)

- ਸੋ ਸਤਿਗੁਰੁ ਸੇਵਿਹੁ ਸਾਧ ਜਨੁ ਜਿਨਿ ਹਰਿ ਹਰਿ ਨਾਮੁ ਦ੍ਰਿੜਾਇਆ॥
ਸੋ ਸਤਿਗੁਰੁ ਪੂਜਹੁ ਦਿਨਸੁ ਰਾਤਿ ਜਿਨਿ ਜਗੰਨਾਥੁ ਜਗਦੀਸੁ ਜਪਾਇਆ॥
ਸੋ ਸਤਿਗੁਰੁ ਦੇਖਹੁ ਇਕ ਨਿਮਖ ਨਿਮਖ ਜਿਨਿ ਹਰਿ ਕਾ ਹਰਿ ਪੰਥੁ ਬਤਾਇਆ॥
ਤਿਸੁ ਸਤਿਗੁਰ ਕੀ ਸਭ ਪਗੀ ਪਵਹੁ ਜਿਨਿ ਮੋਹ ਅੰਧੇਰੁ ਚੁਕਾਇਆ॥
ਸੋ ਸਤਗੁਰੁ ਕਹਹੁ ਸਭਿ ਧੰਨੁ ਧੰਨੁ ਜਿਨਿ ਹਰਿ ਭਗਤਿ ਭੰਡਾਰ ਲਹਾਇਆ॥ (੫੮੬)

ਸ੍ਰੀ ਗੁਰੂ ਅਰਜਨ ਦੇਵ ਜੀ ਸਤਿਗੁਰੂ ਦੇ ਮੇਲ ਦੇ ਫਲ ਸਮੁੱਚੇ ਤੌਰ 'ਤੇ ਇਉਂ ਕਥਨ ਕਰਦੇ ਹਨ:

- ਛਲ ਨਾਗਨਿ ਸਿਉ ਮੇਰੀ ਟੂਟਨਿ ਹੋਈ॥ ਗੁਰਿ ਕਹਿਆ ਇਹ ਝੂਠੀ ਧੋਹੀ॥
ਮੁਖਿ ਮੀਠੀ ਖਾਈ ਕਉਰਾਇ॥ ਅੰਮ੍ਰਿਤ ਨਾਮਿ ਮਨੁ ਰਹਿਆ ਅਘਾਇ॥
ਲੋਭ ਮੋਹ ਸਿਉ ਗਈ ਵਿਖੋਟਿ॥ ਗੁਰਿ ਕ੍ਰਿਪਾਲਿ ਮੋਹਿ ਕੀਨੀ ਛੋਟਿ॥
ਇਹ ਠਗਵਾਰੀ ਬਹੁਤੁ ਘਰ ਗਾਲੇ॥ ਹਮ ਗੁਰਿ ਰਾਖਿ ਲੀਏ ਕਿਰਪਾਲੇ॥
ਕਾਮ ਕ੍ਰੋਧ ਸਿਉ ਠਾਟੁ ਨ ਬਨਿਆ॥ ਗੁਰ ਉਪਦੇਸੁ ਮੋਹਿ ਕਾਨੀ ਸੁਨਿਆ॥
ਜਹ ਦੇਖਉ ਤਹ ਮਹਾ ਚੰਡਾਲ॥ ਰਾਖਿ ਲੀਏ ਅਪੁਨੈ ਗੁਰਿ ਗੋਪਾਲ॥
ਦਸ ਨਾਰੀ ਮੈ ਕਰੀ ਦੁਹਾਗਨਿ॥ ਗੁਰਿ ਕਹਿਆ ਏਹ ਰਸਹਿ ਬਿਖਾਗਨਿ॥
ਇਨ ਸਨਬੰਧੀ ਰਸਾਤਲਿ ਜਾਇ॥ ਹਮ ਗੁਰਿ ਰਾਖੇ ਹਰਿ ਲਿਵ ਲਾਇ॥
ਅਹੰਮੇਵ ਸਿਉ ਮਸਲਤਿ ਛੋਡੀ॥ ਗੁਰਿ ਕਹਿਆ ਇਹੁ ਮੂਰਖੁ ਹੋਡੀ॥
ਇਹੁ ਨੀਘਰੁ ਘਰੁ ਕਹੀ ਨ ਪਾਏ॥ ਹਮ ਗੁਰਿ ਰਾਖਿ ਲੀਏ ਲਿਵ ਲਾਏ॥
ਇਨ ਲੋਗਨ ਸਿਉ ਹਮ ਭਏ ਬੈਰਾਈ॥ ਏਕ ਗ੍ਰਿਹ ਮਹਿ ਦੁਇ ਨ ਖਟਾਂਈ॥
ਆਏ ਪ੍ਰਭ ਪਹਿ ਅੰਚਰਿ ਲਾਗਿ॥ ਕਰਹੁ ਤਪਾਵਸੁ ਪ੍ਰਭ ਸਰਬਾਗਿ॥
ਪ੍ਰਭ ਹਸਿ ਬੋਲੇ ਕੀਏ ਨਿਆਂਏਂ॥ ਸਗਲ ਦੂਤ ਮੇਰੀ ਸੇਵਾ ਲਾਏ॥
ਤੂੰ ਠਾਕੁਰੁ ਇਹੁ ਗ੍ਰਿਹੁ ਸਭੁ ਤੇਰਾ॥ ਕਹੁ ਨਾਨਕ ਗੁਰਿ ਕੀਆ ਨਿਬੇਰਾ॥ (੧੩੪੭)

ਜਦੋਂ ਸਿੱਖ ਪੂਰਨ ਤੌਰ 'ਤੇ ਹਉਮੈ ਦਾ ਨਾਸ ਕਰਕੇ ਨਾਮ ਵਿੱਚ ਲੀਨ ਹੁੰਦਾ ਹੈ ਫਿਰ ਉਹ ਗੁਰੂ ਰੂਪ ਹੋ ਜਾਂਦਾ ਹੈ।

- ਸੋਇ ਮੁਕਤ ਜਿ ਮਨੁ ਜਿਣਹਿ ਫਿਰਿ ਧਾਤੁ ਨ ਲਾਗੈ ਆਇ॥ ਦਸਵੈ ਦੁਆਰਿ ਰਹਤ ਕਰੇ ਤ੍ਰਿਭਵਣ ਸੋਝੀ ਪਾਇ॥
ਨਾਨਕ ਗੁਰ ਤੇ ਗੁਰੁ ਹੋਇਆ ਵੇਖਹੁ ਤਿਸ ਕੀ ਰਜਾਇ॥ਇਹੁ ਕਾਰਣੁ ਕਰਤਾ ਕਰੇ ਜੋਤੀ ਜੋਤਿ ਸਮਾਇ॥ (੪੯੦)

- ਗੁਰੂ ਸਿਖੁ ਸਿਖੁ ਗੁਰੂ ਹੈ ਏਕੋ ਗੁਰ ਉਪਦੇਸੁ ਚਲਾਏ॥
ਰਾਮ ਨਾਮ ਮੰਤੁ ਹਿਰਦੈ ਦੇਵੈ ਨਾਨਕ ਮਿਲਣੁ ਸੁਭਾਏ॥ (੪੪੪)

ਸਗੋਂ

- ਤਿਨਾ ਗੁਰਸਿਖਾ ਕੰਉ ਹਉ ਵਾਰਿਆ ਜੋ ਬਹਦਿਆ ਉਠਦਿਆ ਹਰਿ ਨਾਮੁ ਧਿਆਵਹਿ॥ (੫੯੦)

– ਤਿਸੁ ਗੁਰਸਿਖ ਕੰਉ ਹੰਉ ਸਦਾ ਨਮਸਕਾਰੀ ਜੋ ਗੁਰ ਕੈ ਭਾਣੈ ਗੁਰਸਿਖੁ ਚਲਿਆ॥ (੫੯੩)

– ਜਨੁ ਨਾਨਕੁ ਧੂੜਿ ਮੰਗੈ ਤਿਸੁ ਗੁਰਸਿਖ ਕੀ ਜੋ ਆਪਿ ਜਪੈ ਅਵਰਹ ਨਾਮੁ ਜਪਾਵੈ॥ (੩੦੬)